ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7l

awazeqaumtvpunjab@gmail.com

ਐਤਵਾਰ, 13 ਜੁਲਾਈ 2024 (ਨਾਨਕਸ਼ਾਹੀ ਸੰਮਤ : ੫੫੬, ੩੧ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਅਦਾਲਤ ਨੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਨੂੰ ਕੀਤਾ ਬਰੀ ਤੇ ਪਤਨੀ ਨੂੰ ਵੀ ਰਾਹਤ

**ਇਸਲਾਮਾਬਾਦ, 13 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਦੀ ਇਕ ਅਦਾਲਤ ਨੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਅਤੇ ਉਨ੍ਹਾਂ ਦੀ ਪਤਨੀ ਨੂੰ ਗੈਰ-ਕਾਨੂੰਨੀ ਵਿਆਹ ਦੇ ਦੋਸ਼ਾਂ ਤੋਂ ਬਰੀ ਕਰ ਦਿੱਤਾ ਹੈ। ਉਨ੍ਹਾਂ ਦੀ ਪਾਰਟੀ ਅਤੇ ਵਕੀਲ ਨੇ ਜਾਣਕਾਰੀ ਦਿੱਤੀ ਹੈ।



71 ਸਾਲਾ ਇਮਰਾਨ ਖਾਨ ਅਤੇ ਉਸਦੀ ਪਤਨੀ ਬੁਸ਼ਰਾ ਖਾਨ( ਬੁਸ਼ਰਾ ਬੀਬੀ) ਨੂੰ ਫਰਵਰੀ ਵਿੱਚ ਪਾਕਿਸਤਾਨ ਦੀਆਂ ਚੋਣਾਂ ਤੋਂ ਕੁਝ ਦਿਨ ਪਹਿਲਾਂ, ਸੱਤ ਸਾਲ ਦੀ ਸਜ਼ਾ ਸੁਣਾਈ ਗਈ ਸੀ। ਜ਼ਿਕਰਯੋਗ ਹੈ ਕਿ ਉਸ ਸਮੇਂ ਇੱਕ ਅਦਾਲਤ ਨੇ ਉਹਨਾਂ ਨੂੰ ਪਿਛਲੇ ਵਿਆਹ ਤੋਂ ਤਲਾਕ ਅਤੇ ਖਾਨ ਨਾਲ ਉਸਦੇ ਵਿਆਹ ਵਿੱਚ ਲੋੜੀਂਦੇ ਅੰਤਰਾਲ ਦੀ ਪਾਲਣਾ ਕਰਨ ਵਿੱਚ ਅਸਫਲ ਰਹਿਣ ਕਰਕੇ ਇਸਲਾਮੀ ਕਾਨੂੰਨ ਦੀ ਉਲੰਘਣਾ ਕਰਨ ਦਾ ਦੋਸ਼ੀ ਪਾਇਆ ਸੀ। ਬਰੀ ਕਰਨ ਦਾ ਇਹ ਫ਼ੈਸਲਾ ਖਾਨ ਲਈ ਇੱਕ ਮਹੱਤਵਪੂਰਨ ਕਾਨੂੰਨੀ ਜਿੱਤ ਵਜੋਂ ਆਇਆ ਹੈ, ਜਿਸ ਨੂੰ ਅਹੁਦੇ ਤੋਂ ਹਟਾਉਣ ਤੋਂ ਬਾਅਦ ਕਈ ਕਾਨੂੰਨੀ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ ਹੈ। ਆਦਾਲਤ ਦਾ ਇਹ ਹੁਕਮਰਾਨ(ਆਦੇਸ਼) ਪਿਛਲੀ ਸਜ਼ਾ ਨੂੰ ਉਲਟਾ ਦਿੰਦਾ ਹੈ ਅਤੇ ਜੋੜੇ ਨੂੰ ਉਨ੍ਹਾਂ ਦੇ ਵਿਆਹ ਸੰਬੰਧੀ ਕਿਸੇ ਵੀ ਗਲਤ ਕੰਮ ਤੋਂ ਬਰੀ ਕਰਦਾ ਹੈ।

## ਜਲੰਧਰ ਪੱਛਮੀ ’ਚ

# ‘ਆਪ’ ਨੇ ਗੱਡੇ ਝੰਡੇ

**ਜਲੰਧਰ, 13 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਵੈਸਟ ਵਿਧਾਨ ਸਭਾ ਸੀਟ ’ਤੇ ਜਿੱਥੇ ਆਮ ਆਦਮੀ ਪਾਰਟੀ ਨੇ ਮੁੜ ਵੱਡੀ ਜਿੱਤ ਹਾਸਲ ਕੀਤੀ ਹੈ, ਉਥੇ ਹੀ ਸਾਬਕਾ ਵਿਧਾਇਕ ਅਤੇ ਭਾਜਪਾ ਉਮੀਦਵਾਰ ਸ਼ੀਤਲ ਅੰਗੁਰਾਲ ਨੂੰ ਆਪਣੇ ਗੜ੍ਹ ਵਿਚ ਹੀ ਨਮੋਸ਼ੀਜਨਕ ਹਾਰ ਦਾ ਸਾਹਮਣਾ ਕਰਨਾ ਪਿਆ ਹੈ। ਸ਼ੀਤਲ ਨੂੰ ਆਮ ਆਦਮੀ ਪਾਰਟੀ ਦੇ ਮੋਹਿੰਦਰ ਭਗਤ ਹੱਥੋਂ 37,325 ਵੋਟਾਂ ਦੇ ਵੱਡੇ ਫਰਕ ਨਾਲ ਹਾਰ ਦਾ ਸਵਾਦ ਚੱਖਣਾ ਪਿਆ ਹੈ। ਆਲਮ ਇਹ ਹੈ ਕਿ ਸ਼ੀਤਲ ਮੁਸ਼ਕਲ ਨਾਲ ਦੂਜੇ ਨੰਬਰ ’ਤੇ ਰਹੇ ਹਨ ਜਦਕਿ ਪਹਿਲੇ ਨੌਂ ਰੁਝਾਨਾ ਵਿਚ ਕਾਂਗਰਸ ਦੀ ਸੁਰਿੰਦਰ ਕੌਰ ਉਨ੍ਹਾਂ ਤੋਂ ਅੱਗੇ ਚੱਲ ਰਹੇ ਸਨ। ਸ਼ੀਤਲ ਅੰਗੁਰਾਲ ਅਤੇ ਕਾਂਗਰਸ ਦੀ ਸੁਰਿੰਦਰ ਕੌਰ ਵਿਚਾਲੇ ਮਹਿਜ਼ 1,164 ਵੋਟਾਂ ਦਾ ਫਰਕ ਰਿਹਾ ਹੈ। ਇਥੇ ਹੈਰਾਨ ਕਰਨ ਵਾਲੀ ਗੱਲ ਇਹ ਵੀ ਹਨ ਕਿ ਕੁਝ ਦਿਨ ਪਹਿਲਾਂ ਹੋਈਆਂ ਲੋਕ ਸਭਾ ਚੋਣਾਂ ਵਿਚ ਭਾਜਪਾ ਦੇ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਨੂੰ ਜਲੰਧਰ ਪੱਛਮੀ ਹਲਕੇ ਵਿਚ 42837 ਵੋਟਾਂ ਹਾਸਲ ਹੋਈਆਂ ਪਰ ਵਿਧਾਨ ਸਭਾ ਦੀ ਜ਼ਿਮਨੀ ਚੋਣ ਵਿਚ ਭਾਜਪਾ ਦੇ ਅੰਗੁਰਾਲ ਸਿਰਫ 17921 ਵੋਟਾਂ ’ਤੇ ਹੀ ਸੁੰਗੜ ਕੇ ਰਹਿ ਗਏ ਹਨ।



**‘ਆਪ’ ਦੀ ਜਿੱਤ ਦੇ ਵੱਡੇ ਕਾਰਨ**

1. ਸੀ.ਐੱਮ. ਮਾਨ ਵੱਲੋਂ ਪੂਰੀ ਤਾਕਤ ਦੇ ਨਾਲ ਪ੍ਰਚਾਰ ’ਚ ਉਤਰਨਾ ਅਤੇ ਜਲੰਧਰ ’ਚ ਘਰ ਲੈਣਾ

2. ਭਗਤ ਬਰਾਦਰੀ ਦੇ ਉਮੀਦਵਾਰ ਨੂੰ ਟਿਕਟ ਦੇਣਾ, 3. ਸੀ.ਐੱਮ. ਦੀ ਪਤਨੀ ਗੁਰਪ੍ਰੀਤ ਕੌਰ ਵੱਲੋਂ ਕਮਾਨ ਸੰਭਾਲਣਾ, 4. ਸੀ.ਐੱਮ. ਮਾਨ ਵੱਲੋਂ ਭਗਤ ਨੂੰ ਮੰਤਰੀ ਬਣਾਉਣ ਦਾ ਐਲਾਨ 5. ‘ਆਪ’ ਦੇ ਸੰਗਠਨ ਦਾ ਜ਼ਮੀਨੀ ਪੱਧਰ ’ਤੇ ਕੰਮ ਕਰਨਾ।

**ਕਾਂਗਰਸ ਦੀ ਹਾਰ ਦੇ ਕਾਰਨ** : 1. ਕਾਂਗਰਸ ਦੀ ਉਮੀਦਵਾਰ ਸੁਰਿੰਦਰ ਕੌਰ ਕਮਜ਼ੋਰ ਮੰਨੀ ਜਾਂਦੀ ਰਹੀ

2. ਸੀਨੀਅਰ ਡਿਪਟੀ ਮੇਅਰ ਰਹਿੰਦੇ ਪੱਛਮੀ ਇਲਾਕੇ ’ਚ ਵਿਕਾਸ ਨਾ ਕਰਨਾ, 3. ਕਾਂਗਰਸ ’ਚ ਇੱਕਜੁਟਤਾ ਦੀ ਘਾਟ, ਬਿਖਰਿਆ ਰਿਹਾ ਸੰਗਠਨ, 4. ਕਾਂਗਰਸ ਦੇ ਸੀਨੀਅਰ ਨੇਤਾਵਾਂ ਦਾ ਦਾ ਚੋਣਾਂ ਤੋਂ ਕਿਨਾਰਾ 5. ਕਾਂਗਰਸ ਦੇ ਨੇਤਾਵਾਂ ਦਾ ਦੂਜੀਆਂ ਪਾਰਟੀਆਂ ’ਚ ਸ਼ਾਮਲ ਹੋਣਾ।

## ਸ਼ੀਤਲ ਅੰਗੁਰਾਲ ਦੀ ਹਾਰ ਦਾ ਵੱਡਾ ਕਾਰਨ, ਭਾਜਪਾ ਨੇ ਨਹੀਂ ਦਿਖਾਈ ਸੀ ਦਿਲਚਸਪੀ

**ਜਲੰਧਰ, 13 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਇਕ ਪਾਸੇ ਜਿੱਥੇ ਆਮ ਆਦਮੀ ਪਾਰਟੀ ਨੇ ਇਸ ਚੋਣ ਵਿਚ ਪੂਰੀ ਤਾਕਤ ਝੋਖੀ ਹੋਈ ਸੀ, ਬਕਾਇਦਾ ਮੁੱਖ ਮੰਤਰੀ ਭਗਵੰਤ ਮਾਨ ਪਰਿਵਾਰ ਸਮੇਤ ਜ਼ਮੀਨੀ ਪੱਧਰ ’ਤੇ ਡਟੇ ਰਹੇ, ਇਥੋਂ ਤਕ ਸਮੁੱਚੀ ਕੈਬਨਿਟ ਨੇ ਗਲੀ-ਗਲੀ ਜਾ ਕੇ ਮੋਹਿੰਦਰ ਭਗਤ ਲਈ ਪ੍ਰਚਾਰ ਕੀਤਾ ਪਰ ਦੂਜੇ ਪਾਸੇ ਭਾਜਪਾ ਨੇ ਸ਼ੀਤਲ ਦੇ ਪ੍ਰਚਾਰ ਲਈ ਚੋਟੀ ਦੇ 38 ਸਟਾਰ ਪ੍ਰਚਾਰਕਾਂ ਦੀ ਸੂਚੀ ਤਾਂ ਜਾਰੀ ਕੀਤੀ ਪਰ ਸੁਨੀਲ ਜਾਖੜ, ਪ੍ਰੀਤੀ ਸਪਰੂ, ਭੋਜਪੁਰੀ ਐਕਟਰ ਦਿਨੇਸ਼ ਲਾਲ ਯਾਦਵ ਉਰਫ ਨਿਰਹੁਆ, ਹੌਬੀ ਧਾਲੀਵਾਲ ਤੋਂ ਇਲਾਵਾ ਕੋਈ ਵੀ ਸਟਾਰ ਪ੍ਰਚਾਰਕ ਜ਼ਮੀਨੀ ਪੱਧਰ ’ਤੇ ਪ੍ਰਚਾਰ ਕਰਦਾ ਨਜ਼ਰ ਨਹੀਂ ਆਇਆ। ਚੋਣ ਜ਼ਾਬਤੇ ਦੌਰਾਨ ਹੇਮਾ ਮਾਲਿਨੀ ਨੇ ਜਲੰਧਰ ਦਾ ਗੇੜਾ ਜ਼ਰੂਰ ਮਾਰਿਆ ਪਰ ਇਕ ਉਦਘਾਟਨੀ ਸਮਾਗਮ ਤੋਂ ਬਾਅਦ ਬਿਨਾਂ ਕੋਈ ਸਿਆਸੀ ਬਿਆਨ ਦਿੱਤੇ ਉਹ ਵੀ ਤੁਰਦੇ ਬਣੇ। ਹਾਲਾਂਕਿ ਪੰਜਾਬ ਭਾਜਪਾ ਪ੍ਰਧਾਨ ਸੁਨੀਲ ਕੁਮਾਰ ਜਾਖੜ ਤੋਂ ਇਲਾਵਾ ਜਲੰਧਰ ਦੀ ਲੋਕਲ ਭਾਜਪਾ ਲੀਡਰਸ਼ਿਪ ਨੇ ਜ਼ਮੀਨੀ ਪੱਧਰ ’ਤੇ ਚੋਣ ਪ੍ਰਚਾਰ ਤਾਂ ਕੀਤਾ ਪਰ ਦਿੱਗਜਾਂ ਦੀ ਘਾਟ ਦਾ ਖਮਿਆਜ਼ਾ ਭਾਜਪਾ ਨੂੰ ਨਤੀਜਿਆਂ ਵਿਚ ਭੁਗਤਨਾ ਪਿਆ ਹੈ। ਜਲੰਧਰ ਵੈਸਟ ਹਲਕੇ ਦੀ ਜ਼ਿਮਨੀ ਚੋਣ ਲਈ ਭਾਜਪਾ ਨੇ 38 ਸਟਾਰ ਪ੍ਰਚਾਰਕਾਂ ਦੀ ਲਿਸਟ ਜਾਰੀ ਕੀਤੀ ਸੀ। ਇਨ੍ਹਾਂ ਸਟਾਰ ਪ੍ਰਚਾਰਕਾਂ ਦੀ ਸੂਚੀ ਵਿਚ ਸੁਨੀਲ ਜਾਖੜ, ਨਾਇਬ ਸਿੰਘ ਸੈਣੀ, ਸੌਦਨ ਸਿੰਘ, ਤਰੁਣ ਚੁੱਘ, ਕੇਂਦਰੀ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ, ਅਰਜੁਨ ਰਾਮ ਮੇਘਵਾਲ, ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ, ਅਨੁਰਾਗ ਠਾਕੁਰ, ਸੋਮ ਪ੍ਰਕਾਸ਼, ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਵਿਜੇ ਰੁਪਾਨੀ ਪ੍ਰਮੁਖ ਸਨ।



## ਮੁਹਾਲੀ ਦੇ DSP ਖ਼ਿਲਾਫ਼ ਜਾਂਚ ਦੇ ਹੁਕਮ, ਅਦਾਲਤ ਨੇ ਪੰਜਾਬ ਦੇ DGP ਨੂੰ ਦਿੱਤਾ 12.6 ਕਰੋੜ ਦੀ ਧੋਖਾਧੜੀ ਦਾ ਮਾਮਲਾ

**ਮੁਹਾਲੀ, 13 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਮੁਹਾਲੀ ਜ਼ਿਲ੍ਹਾ ਅਦਾਲਤ ਨੇ ਇੱਕ ਕੇਸ ਦੀ ਸੁਣਵਾਈ ਕਰਦਿਆਂ ਮੁਹਾਲੀ ਦੇ ਡੀਐਸਪੀ ਗੁਰਸ਼ੇਰ ਸਿੰਘ ਸੰਧੂ ਖ਼ਿਲਾਫ਼ ਜਾਂਚ ਦੇ ਹੁਕਮ ਦਿੱਤੇ ਹਨ। ਜਾਂਚ ਦੀ ਜ਼ਿੰਮੇਵਾਰੀ ਡੀਜੀਪੀ ਗੌਰਵ ਯਾਦਵ ਨੂੰ ਪੱਤਰ ਲਿਖ ਕੇ ਸੌਂਪੀ ਗਈ ਹੈ। ਹੁਕਮਾਂ ਵਿੱਚ ਅਦਾਲਤ ਨੇ ਕਿਹਾ ਹੈ ਕਿ ਇਹ ਜਾਂਚ ਕਿਸੇ ਸੀਨੀਅਰ ਆਈਪੀਐਸ ਅਧਿਕਾਰੀ ਤੋਂ ਕਰਵਾਈ ਜਾਵੇ। ਦੋ ਇਮੀਗ੍ਰੇਸ਼ਨ ਮਾਮਲਿਆਂ ਵਿੱਚ ਡੀਐਸਪੀ ਵੱਲੋਂ ਕੀਤੀ ਗਈ ਜਾਂਚ ਸ਼ੱਕੀ ਹੈ। ਇਸ ਲਈ ਪੀੜਤਾਂ ਨੂੰ ਇਨਸਾਫ਼ ਦਿਵਾਉਣਾ ਜ਼ਰੂਰੀ ਹੈ। ਇਹ ਮਾਮਲਾ ਇਮੀਗ੍ਰੇਸ਼ਨ ਫਰਾਡ ਨਾਲ ਸਬੰਧਤ ਹੈ। ਡੀਐਸਪੀ ਗੁਰਸ਼ੇਰ ਸਿੰਘ ਸੰਧੂ ਦੋ ਕੇਸਾਂ ਦੀ ਜਾਂਚ ਕਰ ਰਹੇ ਸਨ। ਇਸ ਸਬੰਧੀ ਥਾਣਾ ਸੋਹਾਣਾ ਵਿਖੇ 15 ਨਵੰਬਰ 2023 ਨੂੰ ਕੇਸ ਦਰਜ ਕੀਤਾ ਗਿਆ ਸੀ। ਜਦਕਿ ਦੂਜਾ ਮਾਮਲਾ 6 ਜਨਵਰੀ 2023 ਨੂੰ ਥਾਣਾ ਖਰੜ (ਸਦਰ) ਵਿਖੇ ਦਰਜ ਹੋਇਆ ਸੀ। ਖਰੜ ’ਚ ਦਰਜ ਮਾਮਲੇ ’ਚ ਕਰੀਬ 10 ਕਰੋੜ ਰੁਪਏ ਦੀ ਧੋਖਾਧੜੀ ਦਾ ਮਾਮਲਾ ਸਾਹਮਣੇ ਆਇਆ ਹੈ, ਜਦਕਿ ਸੋਹਾਣਾ ਥਾਣੇ ’ਚ ਦਰਜ ਹੋਏ ਮਾਮਲੇ ’ਚ 2.6 ਕਰੋੜ ਰੁਪਏ ਦੀ ਧੋਖਾਧੜੀ ਹੋਈ ਹੈ। ਜਦੋਂ ਇਸ ਮਾਮਲੇ ਦੀ ਜਾਂਚ ਡੀਐਸਪੀ ਸੰਧੂ ਵੱਲੋਂ ਕੀਤੀ ਗਈ ਤਾਂ ਅਦਾਲਤ ਨੇ ਮਹਿਸੂਸ ਕੀਤਾ ਕਿ ਡੀਐਸਪੀ ਸੰਧੂ ਨੇ ਮੁੱਖ ਮੁਲਜ਼ਮ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਸੀ। ਹੁਣ ਅਦਾਲਤ ਦੇ ਹੁਕਮਾਂ ’ਤੇ ਜਲਦੀ ਹੀ ਦੁਬਾਰਾ ਜਾਂਚ ਸ਼ੁਰੂ ਕੀਤੀ ਜਾਵੇਗੀ। ਡੀਐਸਪੀ ਸੰਧੂ ਦੀ ਜਾਂਚ ਰਿਪੋਰਟ ਨੂੰ ਦੇਖਦੇ ਹੋਏ ਅਦਾਲਤ ਨੇ ਕਿਹਾ ਕਿ ਡੀਐਸਪੀ ਪਹਿਲਾਂ ਹੀ ਮੁਲਜ਼ਮਾਂ ਨੂੰ ਕਲੀਨ ਚਿੱਟ ਦੇ ਚੁੱਕੇ ਹਨ ਪਰ ਇਨ੍ਹਾਂ ਲੋਕਾਂ ਨੇ ਕਈ ਭੋਲੇ ਭਾਲੇ ਲੋਕਾਂ ਨੂੰ ਠੱਗਿਆ ਹੈ। ਪੀੜਤਾਂ ਵਿੱਚ ਗੁਰਵਿੰਦਰ ਸਿੰਘ, ਮਲਕੀਤ ਸਿੰਘ, ਜੋਬਨਪ੍ਰੀਤ ਸਿੰਘ, ਸ਼ਮਸ਼ੇਰ ਸਿੰਘ, ਸ਼ੇਰਾ ਅਤੇ ਚਰਨਜੀਤ ਸਿੰਘ ਸ਼ਾਮਲ ਹਨ।



## ਅਮਰੀਕਨ ਏਅਰਲਾਈਨ ’ਚ ਧੂੰਆਂ ਨਿਕਲਣ ਕਾਰਨ ਮਚੀ ਹਫੜਾ-ਦਫੜੀ, ਕਈ ਯਾਤਰੀ ਹੋਏ ਜ਼ਖਮੀ

**ਸੈਨ ਫ੍ਰਾਂਸਿਸਕੋ, 13 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸੈਨ ਫ੍ਰਾਂਸਿਸਕੋ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਮਿਆਮੀ ਜਾ ਰਹੀ ਇੱਕ ਅਮਰੀਕੀ ਏਅਰਲਾਈਨਜ਼ ਦੀ ਉਡਾਣ ਨੂੰ ਇੱਕ ਯਾਤਰੀ ਦੇ ਬੈਗ ਵਿੱਚ ਇੱਕ ਲੈਪਟਾਪ ਵਿੱਚੋਂ ਧੂੰਆਂ ਨਿਕਲਣ ਤੋਂ ਬਾਅਦ ਖਾਲੀ ਕਰਨ ਲਈ ਮਜਬੂਰ ਕੀਤਾ ਗਿਆ। ਏਅਰਲਾਈਨ ਨੇ ਕਿਹਾ ਕਿ ਜਹਾਜ਼ ਤੋਂ ਬਾਹਰ ਨਿਕਲਦੇ ਸਮੇਂ ਇਕ ਵਿਅਕਤੀ ਨੂੰ ਮਾਮੂਲੀ ਸੱਟਾਂ ਲੱਗੀਆਂ ਅਤੇ ਉਸ ਨੂੰ ਹਸਪਤਾਲ ਲਿਜਾਇਆ ਗਿਆ। ਯਾਤਰੀਆਂ ਨੂੰ ਐਮਰਜੈਂਸੀ ’ਸਲਾਈਡ’ ਅਤੇ ’ਜੈੱਟ ਬ੍ਰਿਜ’ ਰਾਹੀਂ ਬਾਹਰ ਕੱਢਿਆ ਗਿਆ।

## ਸਿੱਖ ਯੋਧੇ ਗਜਿੰਦਰ ਸਿੰਘ ਨੇ ਜਹਾਜ਼ ਹਾਈਜੈਕ ਕਰਕੇ ਕੋਈ ਹਿੰਸਾ ਨਹੀਂ ਕੀਤੀ ਸਗੋਂ ਸਰਕਾਰ ਦੇ ਕੰਨ ਖੋਲ੍ਹੇ


**ਅੰਮ੍ਰਿਤਸਰ, 13 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਭਾਈ ਗਜਿੰਦਰ ਸਿੰਘ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਪਿਛਲੇ ਦਿਨੀਂ ਭਾਈ ਗਜਿੰਦਰ ਸਿੰਘ ਜੀ ਲਾਹੌਰ ਵਿਖੇ ਅਕਾਲ ਚਲਾਣਾ ਕਰ ਗਏ ਸਨ ਉਨ੍ਹਾਂ ਦੀ ਮੌਤ ਕਾਰਨ ਦੇਸ਼ ਵਿਦੇਸ਼ ਦੀਆਂ ਸਿੱਖ ਸੰਗਤਾਂ ਦੇ ਵਿੱਚ ਸੋਗ ਦੀ ਲਹਿਰ ਹੈ। ਇਸ ਦੌਰਾਨ ਭਾਈ ਗਜਿੰਦਰ ਸਿੰਘ ਦੇ ਦਿਹਾਂਤ ’ਤੇ ਦੁਖ ਪ੍ਰਗਟਾਉਂਦਿਆ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਭਾਈ ਗਜਿੰਦਰ ਸਿੰਘ ਦੀ ਕੁਰਬਾਣੀ ਬਹੁਤ ਵੱਡੀ ਹੈ। ਜ਼ਿੰਦਗੀ ਦਾ ਬਹੁਤ ਲੰਮਾ ਸਮਾਂ ਉਨ੍ਹਾਂ ਨੇ ਬੇਵਤਨੀ ਹੋ ਕੇ ਗੁਜਾਰਿਆ ਹੈ। ਉਨ੍ਹਾਂ ਕਿਹਾ ਭਾਈ ਗਜਿੰਦਰ ਸਿੰਘ ਦੀ ਅੰਤਿਮ ਅਰਦਾਸ ਸ੍ਰੀ ਅਕਾਲ ਤਖਤ ਸਾਹਿਬ ਕੀਤੀ ਗਈ ਹੈ ਅਤੇ ਸਮੁੱਚੇ ਪੰਥ ਦੀਆਂ ਜਥੇਬੰਦੀਆਂ ਨੇ ਅਰਦਾਸ ’ਚ ਸ਼ਮੂਲੀਅਤ ਕੀਤੀ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਭਾਈ ਗਜਿੰਦਰ ਸਿੰਘ ਦੀ ਸ਼ਹਾਦਤ ਨੂੰ ਭੁਲਾਇਆ ਨਹੀਂ ਜਾ ਸਕਦਾ ਅਤੇ ਅਕਸਰ ਹੀ ਮੁਲਕ ’ਚ ਸਾਨੂੰ ਬੇਗਾਨਗੀ ਦਾ ਅਹਿਸਾਸ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਭਾਈ ਗਜਿੰਦਰ ਸਿੰਘ ਨੇ ਜਹਾਜ਼ ਅਗਵਾ ਕੀਤਾ ਸੀ ਨਾ ਕੀ ਕੋਈ ਹਿੰਸਾ ਕੀਤੀ ਸੀ। ਇਸ ਦੌਰਾਨ ਉਨ੍ਹਾਂ ਕਿਹਾ ਕਿ ਭਾਈ ਗਜਿੰਦਰ ਸਿੰਘ ਨੇ ਭਾਰਤ ਸਰਕਾਰ ਦੇ ਕੰਨ ਖੋਲ੍ਹਣ ਵਾਸਤੇ ਜ਼ਹਾਜ ਨੂੰ ਅਗਵਾ ਕੀਤਾ ਸੀ, ਬਿਲਕੁਲ ਉਸੇ ਤਰ੍ਹਾਂ ਜਿਵੇਂ 1947 ’ਚ ਭਗਤ ਸਿੰਘ ਨੇ ਬ੍ਰਿਟਿਸ਼ ਸਰਕਾਰ ਦੇ ਕੰਨ ਖੋਲ੍ਹਣ ਵਾਸਤੇ ਬੰਬ ਸੁੱਟਿਆ ਸੀ, ਉੱਥੇ ਵੀ ਭਗਤ ਸਿੰਘ ਦਾ ਮਕਸਦ ਕਿਸੇ ਨੂੰ ਮਾਰਨ ਨਹੀਂ ਸੀ। ਉਸੇ ਤਰ੍ਹਾਂ ਭਾਈ ਗਜਿੰਦਰ ਸਿੰਘ ਦਾ ਜੋ ਕਾਰਨਾਮਾ ਸੀ ਸਿਰਫ਼ ਭਾਰਤ ਸਰਕਾਰ ਦੇ ਕੰਨਾਂ ਤੱਕ ਆਪਣੀ ਜਾਇਜ਼ ਹੱਕਾਂ ਦੀ ਆਵਾਜ਼ ਪਹੁੰਚਾਉਣਾ ਸੀ ਪਰ ਕਾਂਗਰਸ ਭਾਰਤ ਸਰਕਾਰ ’ਚ ਹਮੇਸ਼ਾ ਹੀ ਲੰਮਾ ਸਮਾਂ ਰਹੀ ਹੈ, ਜਿਸ ਨੇ ਸਿੱਖਾਂ ਲਈ ਦੋਹਰੇ ਮਾਪਦੰਡ ਅਖਤਿਆਰ ਕੀਤੇ ਹਨ। ਉਨ੍ਹਾਂ ਕਿਹਾ ਕਿ ਸਿੱਖ ਗਜਿੰਦਰ ਸਿੰਘ ਦੀ ਤਸਵੀਰ ਸਿੱਖਾਂ ਦੇ ਦਿਲਾਂ ’ਚ ਹਮੇਸ਼ਾ ਰਹੇਗੀ ਅਤੇ ਅਸੀਂ ਉਨ੍ਹਾਂ ਦਾ ਸਤਿਕਾਰ ਕਰਦੇ ਹਾਂ। ਇਹ ਸਾਡੇ ਕੌਮੀ ਯੋਧੇ ਨੇ ਅਸੀਂ ਹਮੇਸ਼ਾ ਇਨ੍ਹਾਂ ਦਾ ਸਤਿਕਾਰ ਕਰਦੇ ਰਹਾਂਗੇ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਬੀਤੇ ਦਿਨੀਂ 25 ਜੂਨ ਨੂੰ ਐਮਰਜੈਂਸੀ ਹੱਤਿਆ ਡੇ ਮਨਾਉਣ ਦਾ ਐਲਾਨ ਕੀਤਾ ਗਿਆ ਹੈ ਕਿਉਂਕਿ ਉਸ ਵੇਲੇ ਦੇ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵੱਲੋਂ ਐਮਰਜੈਂਸੀ ਲਗਾਈ ਗਈ ਸੀ। ਸਿੱਖਾਂ ਨੂੰ ਹਮੇਸ਼ਾ ਹੀ ਦੇਸ਼ ਧ੍ਰੋਹੀ ਕਿਹਾ ਜਾਂਦਾ ਹੈ ਜਦਕਿ ਦੇਸ਼ ਦੇ ਹਿੱਤ ਵਿੱਚ ਹਮੇਸ਼ਾ ਸਿੱਖ ਹੀ ਖੜ੍ਹਦੇ ਆਏ ਹਨ ਜਿਨ੍ਹਾਂ ਲੋਕਾਂ ਨੇ ਸੰਵਿਧਾਨ ਦਾ ਜਬਰ-ਜ਼ਿਨਾਹ ਕੀਤਾ ਹੈ ਉਨ੍ਹਾਂ ਨੂੰ ਦੇਸ਼ ’ਚ ਦੇਸ਼ ਦੇ ਹਿੱਤ ਵਿੱਚ ਦੱਸਿਆ ਜਾਂਦਾ ਹੈ ਅਤੇ ਜਿਨ੍ਹਾਂ ਨੇ ਐਮਰਜੈਂਸੀ ਖ਼ਿਲਾਫ਼ ਮੋਰਚੇ ਲਗਾਏ ਉਨ੍ਹਾਂ ਨੂੰ ਦੇਸ਼ ਧ੍ਰੋਹ ਕਿਹਾ ਜਾਂਦਾ ਹੈ। ਉਹਨਾਂ ਕਿਹਾ ਕਿ ਇੰਦਰਾ ਗਾਂਧੀ ਦੀ ਰਿਹਾਈ ਵਾਸਤੇ ਦੋ ਗੈਰ ਸਿੱਖ ਵਿਅਕਤੀਆਂ ਵੱਲੋਂ ਵੀ ਜਹਾਜ਼ ਅਗਵਾਹ ਕੀਤਾ ਗਿਆ ਸੀ। ਬਾਅਦ ਵਿੱਚ ਉਹਨਾਂ ਨੂੰ ਸਰਕਾਰ ਦੇ ਵਿੱਚ ਵਜ਼ੀਰੀਆਂ ਦਿੱਤੀਆਂ ਗਈਆਂ ਸਨ। ਗਿਆਨੀ ਹਰਪ੍ਰੀਤ ਸਿੰਘ ਅੱਗੇ ਬੋਲਦੇ ਹੋਏ ਕਿਹਾ ਕਿ ਤਜਿੰਦਰ ਪਾਲ ਸਿੰਘ ਟੀਮਾਂ ਨੇ ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਅਮ੍ਰਿਤ ਪਾਲ ਸਿੰਘ ਦੇ ਹੱਕ ’ਚ ਇੱਕ ਵੀਡੀਓ ਪਾਈ ਤਾਂ ਰਾਜਸਥਾਨ ਦੇ ਗੰਗਾਨਗਰ ਦੀ ਪੁਲਸ ਨੇ ਉਹਨਾਂ ’ਤੇ ਦੇਸ਼ ਧ੍ਰੋਹੀ ਦਾ ਮਾਮਲਾ ਦਰਜ ਕਰ ਲਿਆ ਜੋ ਕਿ ਸਰਾਸਰ ਗਲਤ ਹੈ।




## ਇੰਗਲੈਂਡ ਦੇ ਗੁਰਦੁਆਰਾ ਸਾਹਿਬ ’ਚ ਹਮਲਾ ਕਰਨ ਦੀ ਘਟਨਾ ਦੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵਲੋਂ ਨਿੰਦਾ

**ਅੰਮ੍ਰਿਤਸਰ, 13 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਇੰਗਲੈਂਡ ਦੇ ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਗ੍ਰੇਵਸੈਂਡ ਅੰਦਰ ਦਾਖ਼ਲ ਹੋ ਕੇ ਦੋ ਵਿਅਕਤੀਆਂ ਵਲੋਂ ਸੰਗਤ ’ਤੇ ਕਿਰਪਾਨਾਂ ਨਾਲ ਹਮਲਾ ਕਰਨ ਦੀ ਘਟਨਾ ’ਤੇ ਗਹਿਰੀ ਚਿੰਤਾ ਦਾ ਪ੍ਰਗਟਾਵਾ ਕੀਤਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਆਖਿਆ ਕਿ ਸਰਬੱਤ ਦਾ ਭਲਾ ਮੰਗਣ ਵਾਲੀ ਸਿੱਖ ਕੌਮ ਨੇ ਦਸ ਗੁਰੂ ਸਾਹਿਬਾਨ ਦੁਆਰਾ ਬਖਸ਼ੇ ਅਕੀਦੇ ’ਤੇ ਪਹਿਰਾ ਦਿੰਦਿਆਂ ਆਪਣੀ ਮਿਹਨਤ, ਲਿਆਕਤ ਅਤੇ ਈਮਾਨਦਾਰੀ ਦੇ ਨਾਲ ਦੇਸ਼-ਵਿਦੇਸ਼ ਵਿਚ ਚੰਗਾ ਨਾਮਣਾ ਖੱਟਿਆ ਹੈ। ਹੁਣੇ-ਹੁਣੇ ਇੰਗਲੈਂਡ ਵਿਚ ਹੋਈਆਂ ਪਾਰਲੀਮੈਂਟ ਚੋਣਾਂ ਵਿਚ ਕਈ ਪੰਜਾਬੀ, ਜਿਨ੍ਹਾਂ ਵਿਚੋਂ 4 ਦਸਤਾਰਧਾਰੀ ਸਿੱਖ ਹਨ, ਮੈਂਬਰ ਪਾਰਲੀਮੈਂਟ ਬਣੇ ਹਨ। ਉਨ੍ਹਾਂ ਕਿਹਾ ਕਿ ਇਸੇ ਦਰਮਿਆਨ ਇੰਗਲੈਂਡ ਦੇ ਇਕ ਗੁਰਦੁਆਰਾ ਸਾਹਿਬ ਦੇ ਅੰਦਰ ਜਾ ਕੇ ਦੋ ਹਮਲਾਵਰਾਂ ਵਲੋਂ ਕਿਰਪਾਨ ਨਾਲ ਸੰਗਤ ’ਤੇ ਹਮਲਾ ਕਰਨ ਦੀ ਘਟਨਾ ਵਾਪਰਨੀ ਬੇਹੱਦ ਚਿੰਤਾਜਨਕ ਅਤੇ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬਾਨ ਤੋਂ ਰੋਜ਼ਾਨਾ ਸਰਬੱਤ ਦੇ ਭਲੇ ਦੀ ਅਰਦਾਸ ਹੁੰਦੀ ਹੈ ਅਤੇ ਜਦੋਂ ਕਦੇ ਕਿਸੇ ਵੀ ਦੇਸ਼, ਖਿੱਤੇ ਵਿਚ ਮਨੁੱਖਤਾ ’ਤੇ ਕੋਈ ਬਿਪਤਾ ਦੀ ਘੜੀ ਆਈ ਤਾਂ ਇਹ ਗੁਰਦੁਆਰਾ ਸਾਹਿਬਾਨ ਧਰਮ, ਰੰਗ, ਨਸਲ ਅਤੇ ਖਿੱਤੇ ਦਾ ਵਿਤਕਰਾ ਕੀਤੇ ਬਗੈਰ ਲੋੜਵੰਦਾਂ ਲਈ ਸ਼ਰਨਗਾਹ ਬਣਦੇ ਹਨ। ਗੁਰਦੁਆਰਾ ਸਾਹਿਬਾਨ ਵਿਚੋਂ ਬੀਮਾਰਾਂ ਨੂੰ ਦਵਾ-ਦਾਰੂ, ਨੰਗਿਆਂ ਨੂੰ ਤਨ ਢੱਕਣ ਲਈ ਬਸਤਰ ਅਤੇ ਭੁੱਖਿਆਂ ਨੂੰ ਲੰਗਰ ਵੰਡਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਹ ਯਕੀਨੀ ਹੈ ਕਿ ਇੰਗਲੈਂਡ ਵਿਚ ਗੁਰਦੁਆਰਾ ਸਾਹਿਬ ਅੰਦਰ ਆ ਕੇ ਸੰਗਤ ’ਤੇ ਹਮਲਾ ਕਰਨ ਵਾਲੇ ਲੋਕਾਂ ਦਾ ਕੋਈ ਧਰਮ ਨਹੀਂ ਹੋਵੇਗਾ ਅਤੇ ਉਹ ਮਨੁੱਖਤਾ ਦੇ ਦੁਸ਼ਮਣ ਅਤੇ ਹੈਵਾਨੀਅਤ ਦੀ ਸੋਚ ਦੇ ਧਾਰਨੀ ਹੋਣਗੇ। ਉਨ੍ਹਾਂ ਕਿਹਾ ਕਿ ਇਸ ਹਮਲੇ ਵਿਚ ਬੇਸ਼ੱਕ ਕੋਈ ਜਾਨੀ ਨੁਕਸਾਨ ਜਾਂ ਬੇਅਦਬੀ ਵਰਗੀ ਦੁਖਦਾਈ ਸਥਿਤੀ ਤੋਂ ਬਚਾਅ ਹੋ ਗਿਆ ਪਰ ਸੰਗਤ ਵਿਚੋਂ ਕੁਝ ਲੋਕਾਂ ਦੇ ਜ਼ਖ਼ਮੀ ਹੋਣ ਦਾ ਸਮਾਚਾਰ ਦੁਖਦਾਈ ਹੈ। ਉਨ੍ਹਾਂ ਕਿਹਾ ਕਿ ਇੰਗਲੈਂਡ ਸਰਕਾਰ ਨੂੰ ਅਜਿਹੇ ਹਮਲੇ ਕਰਨ ਵਾਲੇ ਮਨੁੱਖਤਾ ਦੇ ਵੈਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰ ਕੇ ਉੱਥੇ ਵੱਸਦੇ ਸਿੱਖਾਂ ਨੂੰ ਸੁਰੱਖਿਅਤ ਹੋਣ ਦਾ ਅਹਿਸਾਸ ਕਰਵਾਉਣਾ ਚਾਹੀਦਾ ਹੈ, ਤਾਂ ਜੋ ਸਿੱਖ ਸੁਤੰਤਰਤਾ ਦੇ ਨਾਲ ਇੰਗਲੈਂਡ ਵਿਚ ਆਪਣੇ ਧਾਰਮਿਕ ਵਿਸ਼ਵਾਸਾਂ ਦੀ ਪਾਲਣਾ ਕਰਦਿਆਂ ਉੱਥੋਂ ਦੇ ਸਰਬਪੱਖੀ ਵਿਕਾਸ ਵਿਚ ਆਪਣਾ ਯੋਗਦਾਨ




Nankana Sahib Yatra Committe Uk
pakistan gurdwara yatra
6th november to 16th november 2024
yatra includes 25+ gurudwara sahib darshan .Accommodation in hotels and travel within pakistan and yatra start to finish point in AC coaches
ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
£1095
Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.
Note: It does not include flight ticket and insurance, it has to be done by the passenger himself.
ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।
ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।
*-- ਗੁਰੂ ਪੰਥ ਦੇ ਸੇਵਾਦਾਰ --*
ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK
• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230
• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਨਾਮ ਜਪੋ / ਕਿਰਤ ਕਰੋ / ਵੰਡ ਛੱਕੋ
Naam Japo / Kirat Karo / Vand Shako
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
***Raghbir Singh Walsal***
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 HOURS SERVICE EVERYDAY
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment

ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ
ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ
ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ
www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ 98141-27470




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM International Newspaper & WEB TV
CALL US TO BOOK YOUR CSCS LEVEL ONE COURSE.
07751-28621





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।







**www.khalsaforge.com**

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਸ਼ਹੀਦੀ ਦਿਹਾੜਾ

**ਸ਼ਹੀਦੀ ਦਿਵਸ਼ ਸ਼ਹੀਦ ਭਾਈ ਮਨੀ ਸਿੰਘ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ**

**ਸ਼ਨਿੱਚਰਵਾਰ 13 ਜੁਲਾਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਐਤਵਾਰ 14 ਜੁਲਾਈ 2024 ਨੂੰ 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਭਾਈ ਜਸ਼ਨਪ੍ਰੀਤ ਸਿੰਘ ਮਾਨਤੋਂਵਾ ਵਾਲੇ ਕੀਰਤਨ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਛਬੀਲ ਵੀ ਲੱਗੇਗੀ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ। ☛ਸ਼ੇਅਰ ਜ਼ਰੂਰੀ ਕਰਨਾ ਜੀ

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

*In loving memory of...*

27th of December 1970

21st of June 2024





SARDAR
JASBIR SINGH SANGHA JI

*...the greatest gentleman*

## SARDAR JASBIR SINGH SANGHA JI

ANTAM SANSKAAR

**MONDAY, 15TH OF JULY 2024**

11:15AM - Antim Darshan
18 Fordham Grove
Wolverhampton, WV9 5RR

1:00PM - Arrival at the Crematorium
Mercia Forest Crematorium
Broad Ln, Essington, WV11 2RJ

2:30PM - Bhog & Kirtan followed by
Guru Ji Ka Langar
Guru Nanak Sikh Gurdwara
191 Duncan St, Wolverhampton
WV2 3AJ

ਆਵਾਜ਼ਿ ਕੌਮ AWAZE QAUM
International Newspaper & WEB TV

Watch online: watch.obitus.com
Username: vaku3339 Password: 483434

Sanskar
ASIAN FUNERALS

# ਸੰਤ ਭਿੰਡਰਾਂਵਾਲਿਆਂ ਦੇ ਵੱਡੇ ਭਰਾਤਾ ਸਰਪੰਚ ਹਰਜੀਤ ਸਿੰਘ ਜੀ ਦਾ

# ਅੰਤਿਮ ਸੰਸਕਾਰ ਅੱਜ ਪਿੰਡ ਰੋਡੇ ਵਿਖੇ ਕੀਤਾ ਜਾਵੇਗਾ



## ਸਵ. ਸਰਪੰਚ ਹਰਜੀਤ ਸਿੰਘ

ਆਵਾਜ਼ਿ ਕੌਮ AWAZE QAUM International Newspaper & WEB TV

ਵੀਹਵੀਂ ਸਦੀ ਦੇ ਮਹਾਨ ਜਰਨੈਲ ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਜੀ ਦੇ ਵੱਡੇ ਭਰਾਤਾ ਅਤੇ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਦੇ ਸਤਿਕਾਰਯੋਗ ਚਾਚਾ ਜੀ ਅੱਜ 11.7.2024 ਨੂੰ ਸਵੇਰੇ 8 ਵਜੇ ਆਦੇਸ਼ ਹਸਪਤਾਲ ਭੁੱਚੋ ਵਿਖੇ ਅਕਾਲ ਚਲਾਣਾ ਕਰ ਗਏ। ਸ. ਹਰਜੀਤ ਸਿੰਘ ਸੰਤਾਂ ਮਹਾਂਪੁਰਖਾਂ ਦੇ ਵੱਡੇ ਭਰਾਤਾ ਅਤੇ ਬਾਕੀ ਪੰਜ ਭਰਾਵਾਂ ਅਤੇ ਇੱਕ ਭੈਣ ਤੋਂ ਛੋਟੇ ਸਨ। ਉਨ੍ਹਾਂ ਨੇ ਸੰਤਾਂ ਵੱਲੋਂ ਆਰੰਭ ਕੀਤੇ ਸਿੱਖ ਸੰਘਰਸ਼ ਵਿੱਚ ਕਈ ਵਾਰ ਜੇਲ੍ਹ ਯਾਤਰਾ ਵੀ ਕੀਤੀ ਅਤੇ ਖਾੜਕੂ ਸੰਘਰਸ਼ ਦੇ ਬਹੁਤ ਸਾਰੇ ਨਾਮੀ ਯੋਧਿਆਂ ਨਾਲ ਉਨ੍ਹਾਂ ਦਾ ਅਥਾਹ ਪਿਆਰ ਸੀ। ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਮੁੱਖ ਆਗੂਆਂ ਨਾਲ ਵੀ ਉਨ੍ਹਾਂ ਦਾ ਬਹੁਤ ਸਨੇਹ ਸੀ। ਇਸ ਲਈ ਕਈ ਵੱਡੀ ਉਮਰ ਦੇ ਮਿਲਾਪੀ ਵੀ ਉਨ੍ਹਾਂ ਨੂੰ ਸਤਿਕਾਰ ਨਾਲ ਚਾਚਾ ਜੀ ਕਹਿ ਕੇ ਵੀ ਪੁਕਾਰਦੇ ਸਨ। ਉਹ ਕਈ ਵਾਰ ਪਿੰਡ ਦੇ ਸਰਪੰਚ ਰਹੇ। ਬਹੁਤ ਉੱਦਮੀ, ਨਿਤਨੇਮੀ, ਰਹਿਤ ਵਿੱਚ ਪ੍ਰਪੱਕ ਅਤੇ ਉੱਘੇ ਸਮਾਜ ਸੇਵਕ ਸਨ। ਇਸ ਲਈ ਸਿੱਖ ਸੰਘਰਸ਼ ਤੋਂ ਲੈ ਕੇ ਹਰ ਖੇਤਰ ਵਿੱਚ ਉਨ੍ਹਾਂ ਦੀ ਵੱਡੀ ਜਾਣ ਪਛਾਣ ਸੀ। ਉਨ੍ਹਾਂ ਦਾ ਅੰਤਿਮ ਸਸਕਾਰ 14 ਤਾਰੀਖ ਦਿਨ ਐਤਵਾਰ ਨੂੰ 11 ਵਜੇ ਉਨ੍ਹਾਂ ਦੇ ਨਗਰ ਪਿੰਡ ਰੋਡੇ (ਗੁਰੂਪੁਰਾ) ਜ਼ਿਲ੍ਹਾ ਮੋਗਾ ਵਿੱਚ ਕੀਤਾ ਜਾਵੇਗਾ। ਅਕਾਲ ਪੁਰਖ ਦੇ ਚਰਨਾਂ ਵਿੱਚ ਬੇਨਤੀ ਹੈ ਕਿ ਉਨ੍ਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ। ਪਿੱਛੇ ਪਰਿਵਾਰ ਅਤੇ ਸਮੂਹ ਸਨੇਹੀਆਂ ਸਬੰਧੀਆਂ ਨੂੰ ਭਾਣਾ ਮੰਨਣ ਦੀ ਸ਼ਕਤੀ ਬਖਸ਼ੇ।

**ਬੇਨਤੀ ਕਰਤਾ : ਭਾਈ ਜਗਤਾਰ ਸਿੰਘ (ਭਤੀਜਾ) ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਬਾਬਾ ਪਰਿਵਾਰ**

**ਇੰਟਰਨੈਸ਼ਨਲ ਪੰਥਕ ਦਲ ਅਤੇ ਅਦਾਰਾ ਆਵਾਜ਼ਿ ਕੌਮ ਵੱਲੋਂ ਅਕਾਲ ਪੁਰਖ ਵਾਹਿਗੁਰੂ ਅੱਗੇ ਅਰਦਾਸ ਕਰਦੇ ਹਾਂ ਕਿ ਪ੍ਰਮਾਤਮਾ ਹਰਜੀਤ ਸਿੰਘ ਜੀ ਦੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ, ਖਾਲਸਾ ਪੰਥ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।**


ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਦੇ 10ਵੇਂ ਸਥਾਪਨਾ ਦਿਵਸ ਨੂੰ ਸਮਰਪਿਤ
ਸਥਾਪਨਾ ਦਿਵਸ ਸਮਾਗਮ
14 ਜੁਲਾਈ 2024
ਦਿਨ ਐਤਵਾਰ
ਸਮਾਂ:
ਸਵੇਰੇ 10 ਤੋਂ 2 ਵਜੇ ਤੱਕ
ਸਥਾਨ -
ਗੁਰਦੁਆਰਾ ਸਾਹਿਬ ਪਾਤਸ਼ਾਹੀ 10ਵੀਂ
ਨਾਢਾ ਸਾਹਿਬ
ਪੰਚਕੂਲਾ (ਨੇੜੇ ਚੰਡੀਗੜ੍ਹ)
ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ
ਉਪਰੰਤ ਪੰਥ ਪ੍ਰਸਿੱਧ ਰਾਗੀ ਢਾਡੀ ਪ੍ਰਚਾਰਕ ਪੰਥਕ ਆਗੂ ਸਾਹਿਬਾਨ ਸਿੱਖ ਸੰਗਤਾਂ ਨਾਲ ਗੁਰਬਾਣੀ ਕਥਾ ਕੀਰਤਨ ਗੁਰਇਤਿਹਾਸ ਗੁਰਮਤਿ ਵਿਚਾਰਾਂ ਦੀ ਸਾਂਝ ਕਰਨਗੇ ਸਰਬੱਤ ਸੰਗਤਾਂ ਹੁੰਮ ਹੁੰਮਾ ਕੇ ਸਮੇਂ ਸਿਰ ਪੁੱਜੋ ਜੀ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ ਮੁਕੱਦਮੇ ਜੇਲਾਂ ਕੱਟਣ ਸੰਘਰਸ਼ ਕਰਨ ਵਾਲਿਆਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ HSGMC
LIVE US ON
CHARDIKLA TIME TV
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ HSGMC
ਬੇਨਤੀ ਕਰਤਾ - ਸਕੱਤਰ ਧਰਮ ਪ੍ਰਚਾਰ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੂੰਹ ਅਹੁਦੇਦਾਰ ਮੈਂਬਰ ਸਾਹਿਬਾਨ ਸਟਾਫ ਅਤੇ ਸਾਧ ਸੰਗਤ


ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 10ਵੇਂ ਸਥਾਪਨਾ ਦਿਵਸ ਨੂੰ ਸਮਰਪਿਤ
ਸਥਾਪਨਾ ਦਿਵਸ ਸਮਾਗਮ
ਮਿਤੀ 14 ਜੁਲਾਈ 2024 ਨੂੰ ਸਮਾਂ ਸਵੇਰੇ 10 ਵਜੇ ਤੋਂ ਦੁਪਹਿਰ 02 ਵਜੇ ਤੱਕ
ਗੁਰਦੁਆਰਾ ਸਾਹਿਬ ਪਾਤਸ਼ਾਹੀ ੧੦ਵੀਂ ਸ੍ਰੀ ਨਾਢਾ ਸਾਹਿਬ ਪੰਚਕੂਲਾ ਵਿਖੇ
ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਪੰਥ ਪ੍ਰਸਿੱਧ ਰਾਗੀ ਢਾਡੀ ਪ੍ਰਚਾਰਕ ਪੰਥਕ ਆਗੂ ਸਾਹਿਬਾਨ ਸਿੱਖ ਸੰਗਤਾਂ ਨਾਲ ਗੁਰਬਾਣੀ ਕੀਰਤਨ ਗੁਰਇਤਿਹਾਸ ਗੁਰਮਤਿ ਵਿਚਾਰਾਂ ਦੀ ਸਾਂਝ ਕਰਨਗੇ
ਸਰਬੱਤ ਸੰਗਤਾਂ ਹੁੰਮ ਹੁਮਾ ਕੇ ਸਮੇਂ ਸਿਰ ਪੁੱਜੋ ਜੀ
ਜਥੇਦਾਰ ਭੁਪਿੰਦਰ ਸਿੰਘ ਅਸੰਧ ਪ੍ਰਧਾਨ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ.ਸੁਦਰਸ਼ਨ ਸਿੰਘ ਅੰਬਾਲਾ ਸੀਨੀਅਰ ਮੀਤ ਪ੍ਰਧਾਨ
ਬੀਬੀ ਰਵਿੰਦਰ ਕੌਰ ਅਜਰਾਣਾ ਜੂਨੀਅਰ ਮੀਤ ਪ੍ਰਧਾਨ
ਸ.ਗੁਲਾਬ ਸਿੰਘ ਮੂਨਕ ਮੀਤ ਸਕੱਤਰ
ਸ.ਸੁਖਵਿੰਦਰ ਸਿੰਘ ਮੰਡੇਬਰ ਜਰਨਲ ਸਕੱਤਰ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ,ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ.ਜਗਸੀਰ ਸਿੰਘ ਮਾਂਗੇਆਣਾ ਅੰਤ੍ਰਿੰਗ ਮੈਂਬਰ
ਸ.ਬਲਦੇਵ ਸਿੰਘ ਰੈਣਵਾਲੀ ਅੰਤ੍ਰਿੰਗ ਮੈਂਬਰ
ਸ.ਤਰਵਿੰਦਰਪਾਲ ਸਿੰਘ ਅੰਬਾਲਾ ਅੰਤ੍ਰਿੰਗ ਮੈਂਬਰ
ਸ.ਤਜਿੰਦਰਪਾਲ ਸਿੰਘ ਨਾਰਨੌਲ ਅੰਤ੍ਰਿੰਗ ਮੈਂਬਰ
ਸ.ਸੁਦਰਸ਼ਨ ਸਿੰਘ ਭਿਵਾਨੀ ਅੰਤ੍ਰਿੰਗ ਮੈਂਬਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ ਮੁੱਕਦਮੇ ਜੇਲਾਂ ਕੱਟਣ ਸੰਘਰਸ਼ ਕਰਨ ਵਾਲਿਆਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ
ਬੇਨਤੀ ਕਰਤਾ - ਸਕੱਤਰ ਧਰਮ ਪ੍ਰਚਾਰ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੂੰਹ ਅਹੁਦੇਦਾਰ ਮੈਂਬਰ ਸਾਹਿਬਾਨ ਸਟਾਫ ਅਤੇ ਸਾਧ ਸੰਗਤ

ੴ ਸ੍ਰੀ ਵਾਹਿਗੁਰੂ ਜੀ ਕੀ ਫਤਿਹ ॥

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ॥ ਸਚੀ ਦਰਗਹ ਜਾਇ ਸਚਾ ਪਿੜ ਮਲਿਆ॥

# ਸਿੱਖ ਕੌਮ ਦੇ ਹੀਰੇ, ਦਲ ਖ਼ਾਲਸਾ ਦੇ ਬਾਨੀ, ਜਲਾਵਤਨੀ ਕੌਮੀ ਯੋਧੇ ਭਾਈ ਗਜਿੰਦਰ ਸਿੰਘ ਜੀ ਦੀ ਨਿੱਘੀ ਯਾਦ ਵਿੱਚ




## ਸ਼ਰਧਾਂਜ਼ਲੀ ਸਮਾਗਮ

13 ਅਪ੍ਰੈਲ 1975 ਨੂੰ ਉਨ੍ਹਾਂ ਦਾ ਪਹਿਲਾ ਕਾਵਿ ਸੰਗ੍ਰਹਿ 'ਪੰਜ ਤੀਰ ਹੋਰ' ਜਾਰੀ ਹੋਇਆ। ਇਸ ਦੇ ਇਲਾਵਾ ਉਹ ਰਚੇਤਾ ਸਨ:

'ਗੰਗੂ ਦੀ ਰੂਹ'
'ਵਸੀਅਤਨਾਮਾ'
'ਸੂਰਜ ਅਤੇ ਖਾਲਿਸਤਾਨ'
'ਜੰਗ ਜਾਰੀ ਹੈ'
'ਸੰਘਰਸ਼, ਸਲਾਖਾਂ ਤੇ ਸੱਜਣੀ'
ਲੇਖ ਸੰਗ੍ਰਹਿ 'ਲਕੀਰ'
'ਸਲਾਖਾਂ ਪਿੱਛੇ'
'ਸੁਪਨੇ ਤੋਂ ਸੰਘਰਸ਼ ਵੱਲ'

## ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਡਰਬੀ ਵਿਖੇ 14 ਜੁਲਾਈ 2024 ਦਿਨ ਐਤਵਾਰ ਨੂੰ ਹੋਵੇਗਾ

ਦਲ ਖਾਲਸਾ ਦੇ ਮੁਖੀ ਭਾਈ ਗਜਿੰਦਰ ਸਿੰਘ ਜੋ ਕਿ ਪਿਛਲੇ ਦਿਨੀਂ 3 ਜੁਲਾਈ 2024 ਨੂੰ ਪਾਕਿਸਤਾਨ ਵਿੱਚ ਜਲਵਤਨੀ ਕੱਟਦਿਆਂ ਅਕਾਲ ਚਲਾਣਾ ਕਰ ਗਏ ਹਨ, ਉਹਨਾਂ ਦੀ ਯਾਦ ਵਿੱਚ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਡਰਬੀ ਵਿਖੇ 12 ਜੁਲਾਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ 14 ਜੁਲਾਈ ਨੂੰ ਭੋਗ ਉਪਰੰਤ ਦੀਵਾਨ ਸਜਾਏ ਜਾਣਗੇ। ਸਮੂਹ ਸੰਗਤਾਂ ਅਤੇ ਪੰਥਕ ਜਥੇਬੰਦੀਆਂ ਨੂੰ ਸਮਾਗਮ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਬੇਨਤੀ ਕੀਤੀ ਜਾਂਦੀ ਹੈ।

### === ਪ੍ਰੋਗਰਾਮ ਦਾ ਵੇਰਵਾ :===

ਆਰੰਭ ਸ੍ਰੀ ਅਖੰਡ ਪਾਠ 12-7-2024 ਦਿਨ ਸ਼ੁੱਕਰਵਾਰ ਸਵੇਰੇ 9 ਵਜੇ
ਭੋਗ ਸ੍ਰੀ ਅਖੰਡ ਪਾਠ 14-7-2024 ਦਿਨ ਐਤਵਾਰ ਸਵੇਰੇ 9:30 ਵਜੇ

ਉਪ੍ਰੰਤ 10:30 ਵਜੇ ਤੋਂ ਦੁਪਹਿਰ 13:00 ਵਜੇ ਤੱਕ ਦੀਵਾਨ ਸਜੇਗਾ, ਜਿਸ ਵਿੱਚ ਗੁਰੂ ਘਰ ਦਾ ਹਜ਼ੂਰੀ ਜਥਾ ਕੀਰਤਨ ਕਰੇਗਾ । ਗੁਰੂ ਘਰ ਦੇ ਸੇਵਾਦਾਰ, ਆਏ ਹੋਏ ਪੰਥਕ ਬੁਲਾਰੇ ਅਤੇ ਭਾਈ ਰਣਜੀਤ ਸਿੰਘ ਰਾਣਾ ਭਾਈ ਗਜਿੰਦਰ ਸਿੰਘ ਦੇ ਜੀਵਨ ਬਾਰੇ ਸਾਂਝ ਪਾਉਣਗੇ ਅਤੇ ਸ਼ਰਧਾ ਦੇ ਫੁੱਲ ਅਰਪਿਤ ਕਰਨਗੇ ।

ਸ: ਰਣਜੀਤ ਸਿੰਘ ਰਾਣਾ ਵੱਲੋਂ ਸਮਾਗਮ ਤੇ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਵਿੱਚ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ ।

SINGH SABHA GURDWARA DERBY

ਭਾਈ ਗਜਿੰਦਰ ਸਿੰਘ ਜੀ ਹਮੇਸ਼ਾਂ ਪੰਥਕ ਏਕਤਾ ਅਤੇ ਪੰਥ ਦੀ ਚੜ੍ਹਦੀ ਕਲਾ ਦਾ ਮੁਦੱਈ ਰਹੇ ਹਨ । ਉਹ ਖਾਲਸਾ ਹਲੇਮੀ ਰਾਜ ਦੀ ਸਥਾਪਤੀ ਦੇ ਨਾਲ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪ੍ਰਵਾਣਿਤ ਪੰਥਕ ਰਹਿਤ ਮਰਯਾਦਾ ਅਤੇ ਨਾਨਕਸ਼ਾਹੀ ਕੈਲੰਡਰ ਨੂੰ ਸਰਵ-ਪ੍ਰਵਾਣਿਤ ਕਰਕੇ ਲਾਗੂ ਕਰਨ ਲਈ ਵੀ ਹਰ ਸਮੇਂ ਯਤਨਸ਼ੀਲ ਰਹੇ ਸਨ । ਉਹਨਾਂ ਦਾ ਹਰ ਕਦਮ ਤੇ ਹਰ ਸਾਹ ਪੰਥ ਦੀ ਚੜ੍ਹਦੀ ਕਲਾ ਲਈ ਸਮਰਪਿਤ ਸੀ॥ ਉਹਨਾਂ ਨੇ ਸੰਤ ਜਰਨੈਲ ਸਿੰਘ ਜੀ ਖਾਲਸਾ ਦੀ ਗ੍ਰਿਫ਼ਤਾਰੀ ਦੇ ਰੋਸ ਵਜੋਂ ਭਾਰਤ ਦਾ ਹਵਾਈ ਜਹਾਜ਼ ਅਗਵਾ ਕੀਤਾ ਸੀ, ਉਹ ਨਹੀਂ ਚਾਹੁੰਦੇ ਸਨ ਕਿ ਜਿਹੜਾ ਵੀ ਸਿੱਖ ਪੰਥ ਦੀ ਚੜ੍ਹਦੀ ਕਲਾ ਲਈ ਸਮਰਪਿਤ ਹੈ, ਉਸ ਨੂੰ ਜੇਹਲਾਂ ਵਿੱਚ ਬੰਦੀ ਬਣਾਇਆ ਜਾਵੇ । ਉਹ ਸਮੁੱਚੇ ਖ਼ਾਲਸਾ ਪੰਥ ਦੀ ਅਜ਼ਾਦੀ ਦੇ ਮੁਦੱਈ ਸਨ ।

ਉਹਨਾਂ ਦੀਆਂ ਪੰਥਕ ਸੇਵਾਵਾਂ ਦੇ ਮੱਦੇ ਨਜ਼ਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਤੇ ਮੌਜੂਦਾ ਜਥੇਦਾਰ ਸਾਹਿਬਾਨ ਨੇ ਉਹਨਾਂ ਨੂੰ ਖ਼ਾਲਸਾ ਰਾਜ ਦਾ 'ਜਲਾਵਤਨੀ ਯੋਧਾ' ਐਲਾਨ ਕੀਤਾ ਹੈ ।

ਅਸੀਂ ਜਥੇਦਾਰ ਸਾਹਿਬਾਨ ਨੂੰ ਬੇਨਤੀ ਕਰਦੇ ਹਾਂ ਕਿ ਕੇਵਲ ਸ਼ਬਦੀ ਤੌਰ ਤੇ ਅਜਿਹੇ ਪੰਥ ਦਰਦੀ ਨੂੰ ਜਲਾਵਤਨੀ ਯੋਧਾ ਐਲਾਨਣਾ ਹੀ ਕਾਫ਼ੀ ਨਹੀਂ ਹੈ, ਉਸ ਦੀਆਂ ਪੰਥਕ ਭਾਵਨਾਵਾਂ ਮੁਤਾਬਕ ਉਹਨਾਂ ਦੇ ਯਤਨਾਂ ਨੂੰ ਸਾਕਾਰ ਕਰਨ ਵੱਲ ਵੀ ਉਪਰਾਲੇ ਕਰਨੇ ਚਾਹੀਦੇ ਹਨ, ਜਿਵੇਂ ਕਿ;

* ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਥ ਪ੍ਰਵਾਣਿਤ ਮਰਯਾਦਾ ਨੂੰ ਲਾਗੂ ਕਰਨਾ ।
* ਨਾਨਕਸ਼ਾਹੀ (2003 ਵਾਲਾ ਮੂਲ) ਕੈਲੰਡਰ ਲਾਗੂ ਕਰਨਾ ।
* ਦੋ - ਤਿੰਨ ਦਹਾਕਿਆਂ ਤੋਂ ਬੰਦੀ ਸਿੰਘਾਂ ਅਤੇ ਨਵੇਂ ਬਣੇ ਐਮ ਪੀ ਅੰਮ੍ਰਿਤਪਾਲ ਸਿੰਘ ਅਤੇ ਉਹਨਾਂ ਦੇ ਸਾਥੀਆਂ ਦੀ ਰਿਹਾਈ ਲਈ ਸਾਰਥਕ ਯਤਨ ਕਰਨੇ ।
* ਖ਼ਾਲਸਾ ਹਲੇਮੀ ਰਾਜ ਦੀ ਸਥਾਪਤੀ ਲਈ ਬਚਨਬੱਧ ਹੋਣਾ ।

## GURDWARA SRI GURU SINGH SABHA DERBY

PRINCES STREET, DERBY, DE23 8NT. TEL: 01332 773010

ਬੇਨਤੀ ਕਰਤਾ: ਗੁਰੂ ਪੰਥ ਦੇ ਦਾਸ - ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸਾਧ ਸੰਗਤ

ਪ੍ਰਧਾਨ ਭਾਈ ਰਘਬੀਰ ਸਿੰਘ / ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਪੁਰੇਵਾਲ / ਖਜ਼ਾਨਚੀ ਭਾਈ ਅਜੀਤ ਸਿੰਘ / ਭਾਈ ਮਹਿੰਦਰ ਸਿੰਘ ਚੀਮਾ ਭਾਈ ਬਹਾਦਰ ਸਿੰਘ


ਦਮਦਮੀ ਟਕਸਾਲ ਵੱਲੋਂ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁੱਧ ਪਾਠ ਬੋਧ ਸਮਾਗਮ
ਆਰੰਭ 20 ਜੁਲਾਈ 2024 ਤੋ 18 ਅਗਸਤ 2024 ਤੱਕ
Monday - Friday
6PM - 9PM
Saturday - Sunday
3PM - 5PM
6PM - 9PM
Bhog Shri Sehaj Path
Sunday 18th August 2024
Kirtan - Katha Darbar


ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 10ਵੇਂ ਸਥਾਪਨਾ ਦਿਵਸ ਨੂੰ ਸਮਰਪਿਤ
ਸਥਾਪਨਾ ਦਿਵਸ ਸਮਾਗਮ
ਮਿਤੀ 14 ਜੁਲਾਈ 2024 ਨੂੰ ਸਮਾਂ ਸਵੇਰੇ 10 ਵਜੇ ਤੋਂ ਦੁਪਹਿਰ 02 ਵਜੇ ਤੱਕ
ਗੁਰਦੁਆਰਾ ਸਾਹਿਬ ਪਾਤਸ਼ਾਹੀ ੧੦ਵੀਂ ਸ੍ਰੀ ਨਾਢਾ ਸਾਹਿਬ ਪੰਚਕੂਲਾ ਵਿਖੇ
ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਪੰਥ ਪ੍ਰਸਿੱਧ ਰਾਗੀ ਢਾਡੀ ਪ੍ਰਚਾਰਕ ਪੰਥਕ ਆਗੂ ਸਾਹਿਬਾਨ ਸਿੱਖ ਸੰਗਤਾਂ ਨਾਲ ਗੁਰਬਾਣੀ ਕੀਰਤਨ ਗੁਰਇਤਿਹਾਸ ਗੁਰਮਤਿ ਵਿਚਾਰਾਂ ਦੀ ਸਾਂਝ ਕਰਨਗੇ ਸਰਬੱਤ ਸੰਗਤਾਂ ਹੁੰਮ ਹੁਮਾ ਕੇ ਸਮੇਂ ਸਿਰ ਪੁੱਜੋ ਜੀ
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ, HSGMC
ਸਿੰਘ ਸਾਹਿਬ ਭਾਈ ਜਗਜੀਤ ਸਿੰਘ ਜੀ
ਮੁੱਖ ਗ੍ਰੰਥੀ
ਗੁਰਦੁਆਰਾ ਨਾਢਾ ਸਾਹਿਬ ਪੰਚਕੂਲਾ
ਭਾਈ ਜਲਵਿੰਦਰ ਸਿੰਘ ਜੀ
ਹਜ਼ੂਰੀ ਰਾਗੀ ਜੱਥਾ
ਸਚਖੰਡ ਸ੍ਰੀ ਦਰਬਾਰ ਸਾਹਿਬ
ਭਾਈ ਗੁਰਸੇਵਕ ਸਿੰਘ ਰੰਗੀਲਾ
ਹਜ਼ੂਰੀ ਰਾਗੀ ਜੱਥਾ
ਗੁਰਦੁਆਰਾ ਦਾਦੂ ਸਾਹਿਬ
ਭਾਈ ਗੁਰਸੇਵਕ ਸਿੰਘ ਚਮਕਾਰਾ
ਪ੍ਰਸਿੱਧ ਢਾਡੀ ਜੱਥਾ
ਹਰਿਆਣਾ ਕਮੇਟੀ
ਭਾਈ ਲਖਵਿੰਦਰ ਸਿੰਘ ਪਾਰਸ
ਪ੍ਰਸਿੱਧ ਢਾਡੀ ਜੱਥਾ
ਹਰਿਆਣਾ ਕਮੇਟੀ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ,ਧਰਮ ਪ੍ਰਚਾਰ HSGMC
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ ਮੁੱਕਦਮੇ ਜੇਲਾਂ ਕੱਟਣ ਸੰਘਰਸ਼ ਕਰਨ ਵਾਲਿਆਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ
LIVE US ON
CHARDIKLA TIME TV
WORLD ਪੰਜਾਬੀ
ਬੇਨਤੀ ਕਰਤਾ - ਸਕੱਤਰ ਧਰਮ ਪ੍ਰਚਾਰ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੂੰਹ ਅਹੁਦੇਦਾਰ ਮੈਂਬਰ ਸਾਹਿਬਾਨ ਸਟਾਫ ਅਤੇ ਸਾਧ ਸੰਗਤ

# ਭਾਈ ਗਜਿੰਦਰ ਸਿੰਘ ਜੀ ਦੀ ਸੋਚ ਤੇ ਸਿਧਾਂਤਾਂ ਉੱਪਰ ਪਹਿਰਾ ਦੇ ਕੇ ਚੱਲਦੇ ਰਹਿਣਾ ਸਮੇਂ ਦੀ ਲੋੜ : ਭਾਈ ਜਗਤਾਰ ਸਿੰਘ ਤਾਰਾ

**ਸਤਿਕਾਰਯੋਗ ਖਾਲਸਾ ਪੰਥ ਜੀ**
**ਵਾਹਿਗੁਰੂ ਜੀ ਕਾ ਖਾਲਸਾ**
**ਵਾਹਿਗੁਰੂ ਜੀ ਕੀ ਫਤਿਹ ।।**

ਸਿੱਖ ਕੌਮ ਦੀ ਆਜਾਦੀ ਦੇ ਸੰਘਰਸ਼ ਵਿੱਚ ਅਹਿਮ ਯੋਗਦਾਨ ਪਾਉਣ ਵਾਲੇ ਕੌਮ ਦੇ ਨਾਇਕ ਭਾਈ ਗਜਿੰਦਰ ਸਿੰਘ ਜੀ ਪਿਛਲੇ ਦਿਨੀ ਅਕਾਲ ਚਲਾਣਾ ਕਰਨ ਨਾਲ ਸਿੱਖ ਕੌਮ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ । ਭਾਈ ਸਾਹਿਬ ਨੇ 43 ਸਾਲ ਦਾ ਜਲਵਤਨੀ ਦਾ ਸਮਾਂ ਅਡੋਲ ਰਹਿਕੇ ਆਪਣੀ ਕਲਮ ਤੇ ਸਿਧਾਂਤਕ ਵਿਚਾਰਾਂ ਰਾਹੀਂ ਆਪਣਾ ਸਿਰੜ ਨਿਭਾਇਆ ।



ਸੰਘਰਸ਼ ਦੇ ਜੀਵਨ ਦੌਰਾਨ ਜਿਹਨਾਂ ਲੋਕਾਂ ਨਾਲ ਮੇਰੀ ਦਿਲੀ ਸਾਂਝ ਤੇ ਪਿਆਰ ਸੀ, ਉਸ ਵਿੱਚ ਭਾਈ ਗਜਿੰਦਰ ਸਿੰਘ ਪ੍ਰਮੁੱਖ ਸਖਸ਼ਿਅਤ ਸਨ । ਜਿਨਾਂ ਦਾ ਮੇਰੇ ਜੀਵਨ ਵਿੱਚ ਅਹਿਮ ਸਥਾਨ ਹੈ । ਸੰਘਰਸ਼ ਦੌਰਾਨ ਮੈਨੂੰ ਉਹਨਾਂ ਨਾਲ ਰਹਿਣ ਦਾ ਸੁਭਾਗ ਪ੍ਰਾਪਤ ਹੋਇਆ ਹੈ । ਉਨਾਂ ਨੇ ਮੈਨੂੰ ਸਦਾ ਛੋਟਾ ਭਰਾ ਅਤੇ ਪੁੱਤਰ ਦੀ ਤਰਾਂ ਪਿਆਰ ਕੀਤਾ ।ਉਸ ਸਮੇਂ ਦੌਰਾਨ ਭਾਈ ਸਾਹਿਬ ਦੀ ਪਤਨੀ ਬੀਬੀ ਮਨਜੀਤ ਕੌਰ ਵੀ ਦੋ ਵਾਰ ਸਾਡੇ ਕੋਲ ਆਏ । ਉਨਾਂ ਨੇ ਵੀ ਮੈਨੂੰ ਪੁੱਤਰ ਦੀ ਤਰਾਂ ਮੰਨਿਆ । ਮੈਂ ਵੀ ਉਨਾਂ ਨੂੰ ਮਾਤਾ ਪਿਤਾ ਦੀ ਤਰਾਂ ਮੰਨਿਆ ਅਤੇ ਮੈਂ ਬਿਕਰਮ ਕੌਰ ਨੂੰ ਭੈਣ ਦੀ ਤਰਾਂ ਪਿਆਰ ਕਰਦਾ ਹਾਂ ਅਤੇ ਕਰਦਾ ਰਹਾਂਗਾ ।

ਭਾਈ ਗਜਿੰਦਰ ਸਿੰਘ ਹੋਣਾ ਤੋਂ ਮੈਨੂੰ ਬਹੁਤ ਕੁੱਝ ਸਿਖਣ ਤੋਂ ਮਿਲਿਆ । ਸੰਘਰਸ਼ ਦੌਰਾਨ ਜੋ ਉਨਾਂ ਨੇ ਹੰਡਾਇਆ, ਉਸਦਾ ਜਿਕਰ ਕਰਨਾ ਜਰੂਰੀ ਸਮਝਦਾ ਹਾਂ । ਭਾਈ ਸਾਹਿਬ ਭਾਈ ਕਪੂਰ ਸਿੰਘ ਆਈ.ਸੀ.ਐਸ. ਦਾ ਬਹੁਤ ਸਤਿਕਾਰ ਕਰਦੇ ਸਨ ਅਤੇ ਅਕਸਰ ਉਨਾਂ ਦਾ ਜਿਕਰ

ਆਵਾਜ਼ਿ ਕੌਮ
AWAZE QAUM
International Newspaper & WEB TV

ਕਰਦੇ ਰਹਿੰਦੇ ਸਨ । ਕਿਉਂਕਿ ਉਹ ਸ਼ੁਰੂਆਤ ਦੇ ਦਿਨਾਂ ਦੌਰਾਨ ਉਨਾਂ ਨੂੰ ਮਿਲਦੇ ਰਹਿੰਦੇ ਸਨ ਅਤੇ ਸੰਘਰਸ਼ ਦੀ ਚੇਟਕ ਵੀ ਉੱਥੋ ਹੀ ਲੱਗੀ ਸੀ । ਭਾਈ ਗਜਿੰਦਰ ਸਿੰਘ ਹੋਣਾ ਨੇ ਜਦੋਂ ਚੰਡੀਗੜ੍ਹ ਵਿਖੇ ਦੱਲ ਖਾਲਸਾ ਜੱਥੇਬੰਦੀ ਦਾ ਐਲਾਨ ਕੀਤਾ ਤਾਂ ਉਸ ਸਮੇਂ ਹੋਟਲ ਅਰੋਮਾ ਵਿੱਚ ਗਿਆਨੀ ਜੈਲ ਸਿੰਘ ਨੇ ਵੀ ਪ੍ਰੈਸ ਕਾਨਫਰੈਂਸ ਰੱਖੀ ਹੋਈ ਸੀ । ਜਿਸ ਕਰਕੇ ਉਨਾਂ ਨੇ ਸਪਸ਼ਟ ਕੀਤਾ ਹੈ ਕਿ ਇਹ ਇਤਫਾਕਿਆ ਸੀ । ਇਸ ਸਬੰਧੀ ਸਿੱਖ ਵਿਰੋਧੀ ਲੋਕਾਂ ਵਲੋਂ ਜਾਣ ਬੁੱਝਕੇ ਬਦਨਾਮ ਕਰਨ ਦੀ ਨਿਯਤ ਨਾਲ ਕੂੜ ਪ੍ਰਚਾਰ ਕੀਤਾ ਹੈ ।



ਜਾਨਵਤਨੀ ਦੇ ਵਿਖਰੇ ਪੈਂਡਿਆ ਦੌਰਾਨ ਉਨਾਂ ਨੇ ਬਹੁਤ ਦਰਦ ਹੰਡਾਇਆ, ਪਰ ਉਨਾਂ ਨੇ ਅਡੋਲ ਰਹਿਕੇ ਦ੍ਰਿੜਤਾ ਅਤੇ ਸਿੱਖ ਸਿਧਾਂਤ ਤੇ ਪੈਰਾ ਦਿੰਦੇ ਹੋਏ ਜੀਵਨ ਬਤੀਤ ਕੀਤਾ ਹੈ । ਉਨਾਂ ਦੇ ਨਾਲ ਉਨਾਂ ਦੀ ਜੀਵਨ ਸਾਥੀ ਬੀਬੀ ਮਨਜੀਤ ਕੌਰ ਨੇ ਬਗਾਨੇ ਮੁਲਖ ਵਿੱਚ ਪਹੁੰਚਕੇ, ਕਿੰਨੀਆਂ ਹੀ ਔਕੜਾਂ ਦਾ ਸਾਹਮਣਾ ਕਰਦੇ ਹੋਏ ਕੇਸ ਦੀ ਪੈਰਵਾਈ ਕੀਤੀ । ਜਿਸ ਦੀ ਕੋਈ ਮਿਸਾਲ ਨਹੀਂ । ਸਾਡੀ ਛੋਟੀ ਭੈਣ ਬਿਕਰਮ ਕੌਰ ਨੂੰ ਲੈ ਕੇ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਵਿਖੇ ਰਿਹਾ ਕਰਦੇ ਰਹੇ । ਉੱਥੋ ਬੱਸਾਂ ਵਿੱਚ ਧੱਕੇ ਖਾਕੇ ਭਾਈ ਗਜਿੰਦਰ ਸਿੰਘ ਨੂੰ ਮਿਲਣ ਜਾਣਾ ਤੇ ਇੱਕਲੇ ਭਾਈ ਗਜਿੰਦਰ ਸਿੰਘ ਨਹੀਂ, ਉਨਾਂ ਦੇ ਸਾਥੀ ਸਿੰਘਾਂ ਦੀ ਛੋਟੀ ਤੋਂ ਛੋਟੀ ਲੋੜ ਵੀ ਪੂਰਾ ਕਰਦੇ ਰਹੇ । ਉਸ ਤੋਂ ਬਾਅਦ ਉਨਾਂ ਨੇ ਵੀ ਕਾਫੀ ਦਿਕਤਾ ਦਾ ਸਾਹਮਣਾ ਕਰਦੇ ਹੋਏ ਕਨੇਡਾ ਗਏ ਅਤੇ ਫਿਰ ਜਰਮਨੀ ਆ ਗਏ । ਇਹ ਸਾਰੇ ਸਮੇਂ ਦੌਰਾਨ ਬਹੁਤ ਔਕੜਾ ਅਤੇ ਤਕਲੀਫਾ ਝੱਲੀਆਂ ਪਰ ਕਦੇ ਰੋਸ ਗਿਲਾ ਨਹੀਂ ਕੀਤਾ । ਬੀਬੀ ਜੀ ਆਪਣਾ ਆਖਰੀ ਸਮਾਂ ਸ. ਗਜਿੰਦਰ ਸਿੰਘ ਕੋਲ ਗੁਜਾਰਨਾ ਚਾਹੁੰਦੇ ਸਨ । ਇਸ ਸਬੰਧੀ ਮੈਂ ਅਤੇ ਭਾਈ ਗਜਿੰਦਰ ਸਿੰਘ ਨੇ ਉਨਾਂ ਨੂੰ ਨਾਲ ਰੱਖਣ ਦਾ ਫੈਸਲਾ ਕਰ ਲਿਆ ਹੈ, ਪਰ ਬਿਮਾਰੀ ਗੰਭੀਰ ਹੋਣ ਕਰਕੇ ਅਤੇ ਚੰਗੇ ਇਲਾਜ ਲਈ ਉਨਾਂ ਨੂੰ ਜਰਮਨੀ ਵਿਖੇ ਰੱਖਣ ਦਾ ਫੈਸਲਾ ਮਜਬੂਰੀ ਹੇਠ ਕਰਨਾ ਪਿਆ ।

ਭਾਈ ਗਜਿੰਦਰ ਸਿੰਘ ਦਾ ਜੀਵਨ ਪੰਥ ਪ੍ਰਸਥ, ਕੁਰਬਾਨੀ ਤੇ ਦ੍ਰਿੜਤਾ ਦੀ ਮਿਸਾਲ ਹੈ ਉਨਾਂ ਨੂੰ ਕਈ ਵਾਰ ਦਿੱਲੀ ਤੱਕ ਦੀਆਂ ਏਜੰਸੀਆਂ ਨੇ ਗੱਲਬਾਤ ਰਾਹੀਂ ਵਾਪਿਸ ਪੰਜਾਬ ਪ੍ਰਤਨ ਦੀ ਪੇਸ਼ਕਸ਼ ਕੀਤੀ ਪਰ ਉਨਾਂ ਨੇ ਹਮੇਸ਼ਾ ਸਿੱਖ ਸੰਘਰਸ਼ ਦਾ ਸਿਰੜ ਕਾਇਮ ਰੱਖਿਆ । ਉਨਾਂ ਨੇ ਦੱਸਿਆ ਇੱਕ ਵਾਰ ਵਾਜਭਾਈ ਦੀ ਸਰਕਾਰ ਵੇਲੇਂ ਅਜਿਹੀ ਕੋਸ਼ਿਸ਼ ਹੋਈ ਅਤੇ ਮੈਂ ਸੋਚਿਆ, ਕਿ ਪ੍ਰਖਿਆ ਜਾਵੇ ਕਿ ਸਰਕਾਰ ਵਾਕਿਆ ਹੀ ਗੰਭੀਰ ਹੈ । ਜਦੋਂ ਗੱਲਬਾਤ ਕੀਤੀ ਤਾਂ ਉਨਾਂ ਨੇ ਕਿਹਾ ਕਿ ਅਸੀਂ ਤੁਹਾਨੂੰ ਗ੍ਰਿਫਤਾਰ ਨਹੀਂ ਕਰਾਂਗੇ ਅਤੇ ਤੁਸੀ ਆਪਣਾ ਜੀਵਨ ਬਤੀਤ ਕਰ ਸਕਦੇ ਹੋ । ਇਸ ਸਬੰਧੀ ਜਦੋਂ ਉਨਾਂ ਨੇ ਸਰਕਾਰ ਦੇ ਵਿਚੋਲੇ ਨੂੰ ਪੁੱਛਿਆ ਕਿ ਇਸ ਗੱਲ ਦੀ ਕੀ ਗਰੰਟੀ ਹੈ ਤਾਂ ਉਨਾਂ ਨੇ ਸ. ਗਜਿੰਦਰ ਸਿੰਘ ਦੀ ਗੱਲ ਭਾਰਤੀ ਜਨਤਾ ਪਾਰਟੀ ਦੇ ਆਗੂ ਦਿਯਾ ਸਿੰਘ ਸੋਢੀ ਨਾਲ ਕਰਵਾਈ । ਉਨਾਂ ਨੇ ਭਰੋਸਾ ਦਿੱਤਾ ਕਿ ਜੋ ਗੱਲ ਤੁਹਾਡੇ ਨਾਲ ਹੋਵੇਗੀ ਅਸੀਂ ਉਸ ਤੋਂ ਪਿੱਛੇ ਨਹੀਂ ਹਟਾਂਗੇ । ਪਰ ਸ. ਗਜਿੰਦਰ ਸਿੰਘ ਨੇ ਸਿੱਖ ਸੰਘਰਸ਼ ਨੂੰ ਪਿੱਠ ਦੇਣ ਦੀ ਬਜਾਏ, ਉੱਥੇ ਰਹਿ ਕੇ ਹੀ ਸੰਘਰਸ਼ ਜਾਰੀ ਰੱਖਣ ਦਾ ਪ੍ਰਣ ਦੋਹਰਾਇਆ।

ਸ. ਗਜਿੰਦਰ ਸਿੰਘ ਜੀ ਅਕਾਲ ਤਖਤ ਦੀ ਮਰਿਆਦਾ ਦੇ ਧਾਰਨੀ ਸਨ ਉਹ ਪੰਥ ਨੂੰ ਇੱਕਠਾ ਕਰਕੇ ਚੱਲਣ ਦੇ ਹੱਕ ਵਿੱਚ ਸਨ । ਸੰਘਰਸ਼ ਦੇ ਦੌਰਾਨ ਜਿਹੜੀ ਗੱਲ ਗੁਰੂ ਆਸੇ ਅਨੁਸਾਰ ਨਹੀਂ ਹੁੰਦੀ ਸੀ, ਉਸਦੇ ਖਿਲਾਫ ਬੇਬਾਕ ਲਿਖਦੇ ਸਨ । ਉਹ ਸੰਘਰਸ਼ ਵਿਚ ਗਿਰਾਵਟ ਲਈ ਕੁੱਝ ਆਗੂਆ ਨੂੰ ਦੋਸ਼ੀ ਮੰਨਦੇ ਸਨ ਇਸ ਸਬੰਧ ਵਿੱਚ ਉਨਾਂ ਨੇ ਲਿਖਕੇ ਰੱਖ ਦਿੱਤਾ ਸੀ ਅਤੇ ਕਿਹਾ ਸੀ ਕਿ ਅਗਰ ਪੰਥਕ ਵੀਰ ਠੀਕ ਸਮਝਦੇ ਹਨ ਤਾਂ ਉਹ ਸਮਾਂ ਆਉਣ ਤੇ ਮੇਰੀ ਮੌਤ ਤੋਂ ਬਾਦ ਇਸਨੂੰ ਨਸਰ ਕਰ ਸਕਦੇ ਹਨ ।

ਮੈਂ ਭਾਈ ਗਜਿੰਦਰ ਸਿੰਘ ਦੀਆਂ ਕੋਮੀ ਸੰਘਰਸ਼ ਪ੍ਰਤੀ ਨਿਭਾਈਆਂ ਸੇਵਾਵਾਂ ਨੂੰ ਕੋਟਿਨ ਕੋਟਿਨ ਪ੍ਰਣਾਮ ਕਰਦਾ ਹਾਂ । ਵਾਹਿਗੁਰੂ ਅੱਗੇ ਅਰਦਾਸ ਕਰਦਾ ਹਾਂ ਕਿ ਭਾਈ ਸਾਹਿਬ ਦੀ ਕੀਤੀ ਘਾਲਣਾ ਲੇਖੇ ਲਾਉਣ । ਭਾਈ ਸਾਹਿਬ ਨੂੰ ਸੱਚੀ ਸਰਧਾਂਜਲੀ ਇਹੀ ਹੋਵੇਗੀ ਅਸੀਂ ਸਿਰ ਜੋੜਕੇ ਅਜਾਦ ਘਰ ਲਈ ਇੱਕਠੇ ਹਬਲਾ ਮਾਰੀਏ । ਜਦੋਂ ਤੱਕ ਕਿਸੇ ਵੀ ਕੋਮ ਵਿੱਚ ਅਜਾਦੀ ਦਾ ਜਜਬਾ ਜਿਉਂਦਾ ਹੈ ਤਾ ਭਵਿੱਖ ਉਸ ਕੋਮ ਦਾ ਹੀ ਹੁੰਦਾ ਹੈ । ਜੇਕਰ ਅਸੀਂ ਦ੍ਰਿੜ ਇਰਾਦੇ ਨਾਲ ਗੁਰੂ ਉੱਪਰ ਟੇਕ ਰੱਖਕੇ ਚਲਾਂਗੇ ਤਾਂ ਮੰਜਿਲ ਦੀ ਪ੍ਰਾਪਤੀ ਵੀ ਇੱਕ ਦਿਨ ਜਰੂਰ ਹੋਵੇਗੀ । ਦਲ ਖਾਲਸਾ ਦੇ ਵੀਰਾਂ ਨੂੰ ਵੀ ਇਹੀਂ ਕਹਿਣਾ ਹੈ ਕਿ ਉਹ ਭਾਈ ਸਾਹਿਬ ਦੀ ਸੋਚ ਤੇ ਸਿਧਾਂਧਤ ਉੱਪਰ ਪਹਿਰਾ ਦੇ ਕੇ ਚੱਲਦੇ ਰਹਿਣ। ਮੈਂ ਭਾਈ ਗਜਿੰਦਰ ਸਿੰਘ ਕਰਕੇ ਦਲ ਖਾਲਸਾ ਨੂੰ ਆਪਣਾ ਹਿੱਸਾ ਹੀ ਸਮਝਦਾ ਹਾਂ ।

**ਗੁਰੂ ਪੰਥ ਦਾ ਦਾਸ**
**ਭਾਈ ਜਗਤਾਰ ਸਿੰਘ ਤਾਰਾ**
**ਨਜਰਬੰਦ, ਬੁੜੈਲ ਜੇਲ, ਚੰਡੀਗੜ੍ਹ**

## ਬਰਨਾਲਾ ਵਿਖੇ ਸੰਤ ਬਾਬਾ ਗੋਪੀ ਨਰਾਇਣ ਜੀ ਦੀ

# 18ਵੀਂ ਬਰਸੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਈ








**ਬਰਨਾਲਾ, (ਵਰਿਆਮ ਹਠੂਰ)**-ਸੰਤ ਬਾਬਾ ਗੋਪੀ ਨਰਾਇਣ ਜੀ ਦੀ 18ਵੀਂ ਬਰਸੀ ਜ਼ਿਲ੍ਹਾ ਬਰਨਾਲਾ ਵਿਖੇ ਸਥਿੱਤ ਡੇਰੇ ਵਿੱਚ ਸਮੂਹ ਗੁਰਸੰਗਤਾਂ ਨੇ ਰਲ ਮਿਲ ਕੇ ਸਤਿਕਾਰ ਸਹਿਤ ਮਨਾਈ ਸੰਤ ਬਾਬਾ ਗੋਪੀ ਨਰਾਇਣ ਜੀ ਤੋਂ ਵਰੋਸਾਏ ਸੰਤ ਬਾਬਾ ਕਾਲਾ ਨਰਾਇਣ ਜੀ ਦੀ ਸਰਪ੍ਰਸਤੀ ਹੇਠ ਡੇਰਾ ਸੰਤ ਬਾਬਾ ਗੋਪੀ ਨਰਾਇਣ ਜੀ ਵਿਖੇ ਮਨਾਈ ਗਈ ਬਰਸੀ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਆਪਣੀ ਹਾਜ਼ਰੀ ਭਰੀ, ਸਤਿਗੁਰਾਂ ਦੇ ਇਲਾਹੀ ਬਾਣੀ ਦੇ ਜਾਪ ਹੋਏ ਤੇ ਪ੍ਰਕਾਸ਼ ਕੀਤੇ ਹੋਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਬਾਬਾ ਜਗਰੂਪ ਸਿੰਘ ਜੀ ਨੇ ਦੀਵਾਨ ਸਜਾ ਕੇ ਸੰਗਤਾਂ ਨੂੰ ਨਿਹਾਲ ਕੀਤਾ, ਬਾਬਾ ਸੁਖਵਿੰਦਰ ਰੋਗੀਆਂ ਕੋਠੇ ਸੱਚ ਧਾਮ ਵਾਲੇ ਅਤੇ ਬਾਬਾ ਕਾਲਾ ਨਰਾਇਣ ਜੀ ਵੱਲੋਂ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ, ਇਸ ਮੌਕੇ ਸੰਤ ਬਾਬਾ ਕਾਲਾ ਨਰਾਇਣ ਜੀ ਨੇ ਆਖਿਆ ਕਿ ਸਾਨੂੰ ਵਾਹਿਗੁਰੂ ਦਾ ਨਾਮ ਸਿਮਰਨ ਕਰਨਾ ਚਾਹੀਦਾ ਹੈ ਅਤੇ ਬੁਰੇ ਕੰਮਾਂ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਮੌਤ ਇਕ ਅਟੱਲ ਸਚਾਈ ਹੈ। ਜੋ ਇੱਕ ਦਿਨ ਜ਼ਰੂਰ ਆਵੇਗੀ ਤੇ ਸਭ ਦੁਨਿਆਵੀ ਵਸਤੂਆਂ ਇੱਥੇ ਹੀ ਰਹਿ ਜਾਣੀਆਂ ਹਨ। ਇਸ ਲਈ ਪ੍ਰਮਾਤਮਾ ਦਾ ਨਾਮ ਹੀ ਸਾਡੀ ਅਸਲ ਪੂੰਜੀ ਹੈ। ਤੇ ਸਾਨੂੰ ਹਮੇਸ਼ਾ ਸੁਵਾ ਸ਼ਾਮ ਪ੍ਰਮਾਤਮਾ ਦਾ ਸਿਮਰਨ ਕਰਨਾ ਚਾਹੀਦਾ ਹੈ। ਇਸ ਮੌਕੇ ਇਲਾਕੇ ਦੀਆਂ ਅਤੇ ਦੂਰੋਂ ਨੇੜਿਓਂ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀਆਂ ਭਰੀਆਂ, ਤੇ ਸਲਾਨਾ ਬਰਸੀ ਮੌਕੇ ਸੰਤ ਬਾਬਾ ਗੋਪੀ ਨਰਾਇਣ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਅੰਤ ਵਿੱਚ ਸੰਤ ਬਾਬਾ ਕਾਲਾ ਨਰਾਇਣ ਜੀ ਨੇ ਬਰਸੀ ਸਮਾਗਮ ਵਿੱਚ ਹਾਜ਼ਰੀਆਂ ਭਰਨ ਵਾਲੀਆਂ ਸਮੂਹ ਗੁਰਸੰਗਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ।

## ਕੈਨੇਡਾ ਵਿਖ਼ੇ ਬਿਪ੍ਰਵਾਦੀ ਤਾਕਤਾਂ ਵਲੋਂ 28 ਜੁਲਾਈ ਨੂੰ ਹੋਣ ਵਾਲੇ

# ਰੈਫਰੈਂਡਮ ਦੇ ਬੈਨਰਾਂ ਦੀ ਭੰਨਤੋੜ ਅਤੇ ਗੁਰਬਾਣੀ ਕੀਰਤਨ ਦੇ ਪ੍ਰੋਗਰਾਮ ਦੇ ਪੋਸਟਰ ਫਾੜੇ




ਨਵੀਂ ਦਿੱਲੀ 13 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਕਥਿਤ ਤੌਰ 'ਤੇ ਇੰਡੋਕੈਨੇਡੀਅਨ ਹਿੰਦੂਤਵੀ ਤਾਕਤਾਂ ਨੇ ਗੁਰਦੁਆਰਾ ਸਿੰਘ ਸਭਾ ਐਡਮਿੰਟਨ ਅਤੇ ਗੁਰਦੁਆਰਾ ਮਿਲਫੋਰਡ ਵਿਖੇ 28 ਜੁਲਾਈ ਨੂੰ ਹੋਣ ਵਾਲੇ ਰੈਫਰੈਂਡਮ ਦੇ ਬੈਨਰਾਂ ਦੀ ਭੰਨਤੋੜ ਕੀਤੀ ਹੈ ਤੇ ਨਾਲ ਹੀ ਉਘੇ ਕੀਰਤਨੀ ਭਾਈ ਬਲਵਿੰਦਰ ਸਿੰਘ ਰੰਗੀਲਾ ਦੇ ਗੁਰਬਾਣੀ ਕੀਰਤਨ ਦੇ ਪ੍ਰੋਗਰਾਮ ਦੇ ਪੋਸਟਰ ਵੀ ਫਾੜੇ ਹਨ। ਪਹਿਲਾਂ ਭਾਈ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਹੁਣ ਹਿੰਦੂਤਵੀ ਤਾਕਤਾਂ ਦੁਆਰਾ ਸ਼ਹੀਦ ਨਿੱਝਰ ਦੇ ਬੈਨਰ ਦੀ ਭੰਨਤੋੜ ਇੱਕ ਸਪੱਸ਼ਟ ਸੰਦੇਸ਼ ਹੈ ਕਿ ਭਾਰਤੀ ਹਾਈ ਕਮਿਸ਼ਨਰ ਵਰਮਾ ਕੈਨੇਡਾ ਦੀ ਧਰਤੀ 'ਤੇ ਖਾਲਿਸਤਾਨ ਪੱਖੀ ਕੈਨੇਡੀਅਨਾਂ ਨੂੰ ਨਿਸ਼ਾਨਾ ਬਣਾਉਣ ਲਈ ਇੱਕ ਅਪਰਾਧਿਕ ਸਾਜ਼ਿਸ਼ ਰਚ ਰਿਹਾ ਹੈ। ਇਸ ਮਾਮਲੇ ਦੀ ਜਾਣਕਾਰੀ ਦੇਣ ਵਾਲੇ ਸ.ਮਲਕੀਤ ਸਿੰਘ ਢੇਸ਼ੀ, ਗੁਰਪ੍ਰੀਤ ਸਿੰਘ ਸਿੱਧੂ, ਗੁਲਜ਼ਾਰ ਸਿੰਘ ਨਿਰਮਾਨ ਨੇ ਇਸ ਹਰਕਤ ਦੀ ਸਖਤ ਸ਼ਬਦਾਂ ਚ ਨਿੰਦਾ ਕਰਨ ਦੇ ਨਾਲ ਪ੍ਰਸ਼ਾਸ਼ਨ ਕੋਲੋਂ ਦੋਸ਼ੀਆਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਕਨੇਡੀਅਨ ਕਾਨੂੰਨ ਮੁਤਾਬਿਕ ਸਜ਼ਾਵਾਂ ਦੇਣ ਦੀ ਮੰਗ ਕੀਤੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸੰਤ ਜਰਨੈਲ ਸਿੰਘ ਭਿੰਡਰਾਂ ਵਾਲਿਆਂ ਦੇ ਭਰਾਤਾ ਹਰਜੀਤ ਸਿੰਘ ਦਾ ਸਸਕਾਰ ਅੱਜ ਗੁਰੂਪੁਰਾ ਵਿੱਚ



**ਸਮਾਲਸਰ, 13 ਜੁਲਾਈ (ਗੁਰਜੰਟ ਕਲਸੀ ਲੰਡੇ)**-ਸੰਤ ਜਰਨੈਲ ਸਿੰਘ ਭਿੰਡਰਾਂ ਵਾਲਿਆਂ ਦੇ ਵੱਡੇ ਭਰਾ ਤੇ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਦੇ ਸਤਿਕਾਰਯੋਗ ਚਾਚਾ ਹਰਜੀਤ ਸਿੰਘ ਸਾਬਕਾ ਸਰਪੰਚ ਦਾ ਸਸਕਾਰ ਉਨਾਂ ਦੇ ਪਿੰਡ ਅੱਜ ਗੁਰੂਪੁਰਾ (ਰੋਡੇ ) ਵਿੱਚ ਕਰੀਬ 11 ਵਜੇ ਹੋਵੇਗਾ। ਉਨਾਂ ਦੇ ਭਤੀਜੇ ਜਗਤਾਰ ਸਿੰਘ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਨੇ ਦੱਸਿਆ ਕਿ ਉਨ੍ਹਾਂ ਦੇ ਚਾਚਾ ਹਰਜੀਤ ਸਿੰਘ ਦੀ ਪਿਛਲੇ ਦਿਨੀ ਸੰਖੇਪ ਬਿਮਾਰੀ ਕਾਰਨ ਮੌਤ ਹੋ ਗਈ ਸੀ। ਹਰਜੀਤ ਸਿੰਘ ਸੰਤਾਂ ਦੇ ਵੱਡੇ ਭਰਾਤਾ ਤੇ ਬਾਕੀ ਪੰਜ ਭਰਾਵਾਂ ਤੇ ਇੱਕ ਭੈਣ ਤੋਂ ਛੋਟੇ ਸਨ। ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਆਗੂਆਂ ਨਾਲ ਉਨਾਂ ਦਾ ਬਹੁਤ ਪਿਆਰ ਰਿਹਾ ਸੀ। ਉਨਾਂ ਦੇ ਚਲੇ ਜਾਣ ਤੇ ਅੱਜ ਲੋਕ ਸਭਾ ਫਰੀਦਕੋਟ ਤੋਂ ਪਾਰਲੀਮੈਂਟ ਮੈਂਬਰ ਸਰਬਜੀਤ ਸਿੰਘ ਖਾਲਸਾ, ਗੁਰਮੀਤ ਸਿੰਘ ਗੁਰੂਪੁਰਾ, ਜਗਤਾਰ ਸਿੰਘ, ਲੰਗੇਆਣਾ, ਫੂਲਾ ਸਿੰਘ ਪ੍ਰਧਾਨ, ਗੁਰਦੇਵ ਸਿੰਘ, ਅਮਰਜੀਤ ਸਿੰਘ, ਤਾਰਾ ਸਿੰਘ, ਸੁਖਵਿੰਦਰ ਸਿੰਘ ਰੋਡੇ, ਦਲਜੀਤ ਸਿੰਘ, ਜੋਗਿੰਦਰ ਸਿੰਘ ਸਾਬਕਾ ਸੈਕਟਰੀ, ਭਜਨ ਸਿੰਘ, ਰਾਜੂ ਗੋਇਲ, ਭੁਪਿੰਦਰ ਸਿੰਘ ਖਾਲਸਾ ਸਮਾਲਸਰ, ਪੰਚ ਜਸਵੰਤ ਸਿੰਘ, ਇਕਬਾਲ ਸਿੰਘ, ਗੁਰਚਰਨ ਸਿੰਘ, ਜਗਸੀਰ ਸਿੰਘ, ਜਗਮੀਤ ਸਿੰਘ, ਮਲਕੀਤ ਸਿੰਘ ਆਦਿ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

# ਪਿੰਡ ਰਸੂਲਪੁਰ (ਮੱਲ੍ਹਾ) ਵਿਖੇ ਵੱਖ ਤਰ੍ਹਾਂ ਦੇ ਬੂਟੇ ਲਗਾਏ ਗਏ



**ਜਗਰਾਉਂ, (ਵਰਿਆਮ ਹਠੂਰ)**-ਵਾਤਾਵਰਨ ਨੂੰ ਸ਼ੁੱਧ ਅਤੇ ਸਾਫ਼ ਸੁਥਰਾ ਰੱਖਣ ਲਈ ਪਿੰਡ ਰਸੂਲਪੁਰ (ਮੱਲ੍ਹਾ) ਵਿਖੇ ਵੱਖ ਵੱਖ ਥਾਵਾਂ ਤੇ ਵੱਖ ਵੱਖ ਤਰ੍ਹਾਂ ਦੇ ਬੂਟੇ ਲਗਾਏ ਗਏ ਗੱਲਬਾਤ ਕਰਦਿਆਂ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਦੇ ਪ੍ਰਧਾਨ ਜੋਰਾ ਸਿੰਘ ਰਸੂਲਪੁਰ ਨੇ ਕਿਹਾ ਕਿ ਵਾਤਾਵਰਨ ਨੂੰ ਸਾਫ਼ ਸੁਥਰਾ ਅਤੇ ਹਰਾ ਭਰਾ ਰੱਖਣ ਲਈ ਵੱਖ ਵੱਖ ਤਰ੍ਹਾਂ ਦੇ ਬੂਟੇ ਲਗਾਉਣ ਦਾ ਅਤੇ ਵੰਡਣ ਦਾ ਉਪਰਾਲਾ ਕੀਤਾ ਗਿਆ ਹੈ। ਇਸੇ ਤਰ੍ਹਾਂ ਹਰ ਮਨੁੱਖ ਨੂੰ ਆਪਣੀ ਜ਼ਿੰਮੇਵਾਰੀ ਸਮਝਦਿਆਂ ਵੱਧ ਤੋਂ ਵੱਧ ਬੂਟੇ ਲਗਾ ਕੇ ਆਪਣੇ ਧੀਆਂ ਪੁੱਤਰਾਂ ਵਾਂਗ ਉਨ੍ਹਾਂ ਦਾ ਪਾਲਣ ਪੋਸ਼ਣ ਕਰਨਾ ਚਾਹੀਦਾ ਹੈ। ਰੁੱਖ ਜਿੱਥੇ ਸਾਨੂੰ ਆਕਸੀਜਨ ਦਿੰਦੇ ਹਨ। ਉੱਥੇ ਠੰਡੀਆਂ ਛਾਵਾਂ ਵੀ ਦਿੰਦੇ ਹਨ। ਪਸ਼ੂ ਪੰਛੀਆਂ ਲਈ ਵੀ ਵੱਡਾ ਸਹਾਰਾ ਹਨ ਇਹ ਰੁੱਖ ਇਸ ਲਈ ਹਰ ਇੱਕ ਨੂੰ ਆਪਣਾ ਬਣਦਾ ਯੋਗਦਾਨ ਰੁੱਖ ਲਗਾਉਣ ਵਿੱਚ ਪਾਉਣਾ ਚਾਹੀਦਾ ਹੈ। ਪ੍ਰਧਾਨ ਜੋਰਾ ਸਿੰਘ ਰਸੂਲਪੁਰ ਨੇ ਅੱਗੇ ਕਿਹਾ ਕਿ ਜਿਸ ਤਰ੍ਹਾਂ ਇਸ ਵਾਰ ਅੱਤ ਦੀ ਗਰਮੀ ਰਹੀ ਹੈ। ਉਸ ਨੂੰ ਧਿਆਨ ਵਿੱਚ ਰੱਖਦਿਆਂ ਪਿੰਡਾਂ, ਸ਼ਹਿਰਾਂ, ਕਸਬਿਆਂ ਵਿੱਚ ਕਲੱਬਾਂ, ਪੰਚਾਇਤਾਂ ਨੂੰ ਸ਼ਲਾਘਾਯੋਗ ਉਪਰਾਲੇ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਹਾਜ਼ਰ ਸਨ । ਪ੍ਰਧਾਨ ਜੋਰਾ ਸਿੰਘ ਰਸੂਲਪੁਰ , ਕੁਲਦੀਪ ਸਿੰਘ, ਦਲਜੀਤ ਸਿੰਘ ਖਾਲਸਾ,ਗੁਰਪ੍ਰੀਤ ਸਿੰਘ ਗੋਪੀ ,ਗੁਰਮੀਤ ਸਿੰਘ ਬਾਬਾ,ਬਾਈ ਸੁਰਜੀਤ ਸਿੰਘ, ਰਵੀ ਸਿੰਘ ਮਿਸਤਰੀ, ਭੁਪਿੰਦਰ ਸਿੰਘ ਭਿੰਦਾ, ਗੁਰਦੀਪ ਸਿੰਘ ਹਲਵਾਈ ਆਦਿ ਹਾਜ਼ਰ ਸਨ।

# ਅਜਿਹਾ ਪਹਿਲੀ ਵਾਰ ਨਹੀਂ ਹੋਇਆ ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਭਰਾ ਵਰਗੇ ਨੌਜਵਾਨਾਂ ਤੇ ਪਰਚਾ ਕਰਕੇ ਸਰਕਾਰ ਸਵਾਲਾਂ ਦੇ ਘੇਰੇ 'ਚ ਆਈ ਹੋਵੇ

## ਭਾਨਾ ਸਿੱਧੂ, ਪਰਵਿੰਦਰ ਝੋਟਾ, ਲੱਖਾ ਸਿਧਾਣਾ ਵਰਗੇ ਨੌਜਵਾਨਾਂ ਤੇ ਕੀਤੇ ਪਰਚੇ, ਲੋਕ ਰੋਹ ਮੂਹਰੇ ਵਾਪਸ ਲੈਣੇ ਪਏ ਸਰਕਾਰਾਂ ਨੂੰ

ਅਜਿਹਾ ਪਹਿਲੀ ਵਾਰ ਨਹੀਂ ਹੋ ਰਿਹਾ, ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਭਰਾ ਤੇ ਚਿੱਟੇ (ਠੰਡਾ ਚਿੱਟਾ) ਦਾ ਪਰਚਾ ਪਾ ਕੇ ਸਰਕਾਰ ਸਵਾਲਾਂ ਦੇ ਘੇਰੇ ਚ ਆਈ ਹੋਵੇ ।ਸਰਕਾਰ ਤੇ ਪੰਜਾਬ ਪੁਲਿਸ ਦੀ ਦੁਰਵਰਤੋਂ ਦੇ ਇਲਜ਼ਾਮ ਲੱਗਣਾ ਵੀ ਕੋਈ ਨਵੀਂ ਗੱਲ ਨਹੀਂ ।ਜਦੋਂ ਪਰਵਿੰਦਰ ਝੋਟੇ ਤੇ ਪਰਚਾ ਦਰਜ ਕੀਤਾ ਗਿਆ ਸੀ ਤਾਂ ਪੰਜਾਬ ਪੁਲਿਸ ਦੇ ਸੀਨੀਅਰ ਅਫਸਰਾਂ ਨੇ ਇਸੇ ਤਰੀਕੇ ਨਾਲ ਪ੍ਰੈਸ ਕਾਨਫਰਸ ਕੀਤੀ ਸੀ ।ਪੰਜਾਬ ਪੁਲਿਸ ਦੀ ਆਫੀਸ਼ੀਅਲ ਫੇਸਬੁੱਕ ਪੇਜ ਤੇ ਜਦੋਂ ਇਹ ਵੀਡੀਓ ਅਪਲੋਡ ਕੀਤੀ ਗਈ ਤਾਂ ਲੋਕਾਂ ਦੇ ਰੋਹ ਦੇ ਹਾਲਾਤ ਇਹ ਹੋ ਗਏ , ਕਿ ਪੰਜਾਬ ਪੁਲਿਸ ਦੇ ਓਫੀਸ਼ੀਅਲ ਪੇਜ ਤੋਂ ਕਮੈਂਟ ਕਰਨ ਦਾ ਆਪਸ਼ਨ ਡਿਲੀਟ ਕੀਤਾ ਗਿਆ ਸੀ। ਅਜਿਹੇ ਹੀ ਹਾਲਾਤ ਭਾਨਾ ਸਿੱਧੂ ਵੇਲੇ ਵੀ ਲੋਕਾਂ ਨੇ ਦੇਖੇ , ਚੇਨੀ ਚੋਰੀ ਕਰਨ ਤੱਕ ਦੇ ਮਸਲੇ ਭਾਨਾ ਸਿੱਧੂ ਤੇ ਦਰਜ ਕੀਤੇ ਗਏ ਸੀ ਪਰ ਬਾਅਦ ਵਿੱਚ ਲੋਕਾਂ ਦੇ ਰੋਹ ਅੱਗੇ ਹਕੂਮਤ ਨੂੰ ਇਹ ਸਾਰੇ ਪਰਚੇ ਰੱਦ ਕਰਕੇ ਭਾਨਾ ਸਿੱਧੂ ਨੂੰ ਰਿਹਾ ਕਰਨਾ ਪਿਆ ਸੀ ।ਉਸ ਵੇਲੇ ਵੀ ਲੋਕਾਂ ਵੱਲੋਂ ਇਹ ਇਲਜ਼ਾਮ ਲਗਾਏ ਜਾ ਰਹੇ ਸਨ ਕਿ ਪਰਮਿੰਦਰ ਝੋਟਾ ਤੇ ਭਾਨਾ ਸਿੱਧੂ ਦੀ ਛਵੀ ਖਰਾਬ ਕਰਨ ਵਾਸਤੇ, ਉਨਾਂ ਦਾ ਕਿਰਦਾਰ ਖਤਮ ਕਰਨ ਵਾਸਤੇ ਇਦਾਂ ਕੀਤਾ ਜਾ ਰਿਹਾ ਹੈ ।ਇਸੇ ਤਰੀਕੇ ਦੇ ਮਸਲੇ ਬਹੁਤ ਵਾਰ ਲੱਖਾ ਸਿਧਾਣਾ ਨਾਲ ਵੀ ਬੀਤ ਚੁੱਕੇ ਹਨ । ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਵਕੀਲ ਇਮਾਨ ਸਿੰਘ ਖਾਰਾ ਨੇ ਗੰਭੀਰ ਇਲਜ਼ਾਮ ਲਗਾਉਂਦੇ ਹੋਏ ਕਿਹਾ ਕਿ ਭਾਈ ਸਾਹਿਬ ਦੇ ਭਰਾ ਤੇ ਪਰਚਾ ਹਕੂਮਤ ਵੱਲੋਂ ਨਿੱਜੀ ਕਿੜਾ ਕੱਢਣ ਕਰਕੇ ਦਰਜ ਕੀਤਾ ਗਿਆ ।ਵਕੀਲ ਇਮਾਨ ਸਿੰਘ ਖਾਰਾ ਨੇ ਅੱਗੇ ਬੋਲਦੇ ਹੋਏ ਕਿਹਾ ਕਿ ਪੁਲਿਸ ਦੀ ਬਣਾਈ ਹੋਈ ਕਹਾਣੀ ਮਨਘੜਤ ਲੱਗਦੀ ਹੈ ।ਅੱਗੇ ਬੋਲਦੇ ਹੋਏ ਉਹਨਾਂ ਨੇ ਕਿਹਾ ਕਿ ਚਾਰ ਗ੍ਰਾਮ ਚਿੱਟੇ ਦੀ ਬਰਾਮਦਗੀ ਪੁਲਿਸ ਵੱਲੋਂ ਦਿਖਾਈ ਗਈ । ਤੇ ਉਹ ਕਾਨਫਰੰਸ ਐਸਐਸਪੀ ਲੇਬਲ ਦੇ ਅਧਿਕਾਰੀ ਕਰ ਰਹੇ ਨੇ ।ਅੱਗੇ ਬੋਲਦੇ ਹੋਏ ਉਹਨਾਂ ਨੇ ਕਿਹਾ ਕਿ ਖੜੀ ਗੱਡੀ ਦੀ ਤਲਾਸ਼ੀ ਦਾ ਜ਼ਿਕਰ ਪੁਲਿਸ ਕਰ ਰਹੀ ਹੈ ਉਹ ਗੱਲ ਵੀ ਸਵਾਲਾਂ ਦੇ ਘੇਰੇ ਵਿੱਚ ਹੈ ।ਜਿਸ ਡਰੋਪ ਟੈਸਟ ਦੀ ਗੱਲ ਭਾਈ ਸਾਹਿਬ ਦੇ ਭਰਾ ਦੇ ਪੋਜਟਿਵ ਹੋਣ ਲਈ ਕਹੀ ਜਾ ਰਹੀ ਹੈ ।ਉਹ ਟੈਸਟ ਪਰਵਿੰਦਰ ਸਿੰਘ ਝੋਟਾ ਦਾ ਵੀ ਪੁਲਿਸ ਵੱਲੋਂ ਪੋਜਟਿਵ ਦਿਖਾਇਆ ਗਿਆ ਸੀ ।ਪਰ ਲੋਕ ਰੋਹ ਅੱਗੇ ਹਕੂਮਤ ਨੂੰ ਪਰਵਿੰਦਰ ਸਿੰਘ ਝੋਟਾ ਨੂੰ ਛੱਡਣਾ ਪਿਆ ਸੀ।

-ਪਰਗਟ ਸਿੰਘ ਬਲ਼ਬੇੜ੍ਹਾ, 9022000070

### ਸ਼੍ਰੋਮਣੀ ਕਮੇਟੀ ਵੱਲੋਂ ਜਲਾਵਤਨ ਸਿੰਘ

# ਭਾਈ ਗਜਿੰਦਰ ਸਿੰਘ ਨਮਿਤ ਸ਼ਰਧਾਂਜਲੀ ਸਮਾਗਮ ਆਯੋਜਤ







**ਨਵੀਂ ਦਿੱਲੀ, 13 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਦਲ ਖ਼ਾਲਸਾ ਦੇ ਮੋਢੀ ਆਗੂ ਭਾਈ ਗਜਿੰਦਰ ਸਿੰਘ ਜੋ ਬੀਤੇ ਦਿਨੀਂ ਪਾਕਿਸਤਾਨ ਅੰਦਰ ਅਕਾਲ ਚਲਾਣਾ ਕਰ ਗਏ ਸਨ, ਨਮਿਤ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਲ ਖ਼ਾਲਸਾ ਅਤੇ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਅਤੇ ਪੰਥਕ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ।

ਇਸ ਮੌਕੇ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਭਾਈ ਗਜਿੰਦਰ ਸਿੰਘ ਪੰਥਕ ਸੰਘਰਸ਼ ਦੇ ਉਹ ਯੋਧੇ ਸਨ, ਜਿਨ੍ਹਾਂ ਨੇ ਆਪਣੇ ਜੀਵਨ ਦਾ ਵੱਡਾ ਹਿੱਸਾ ਕੌਮ ਦੇ ਲੇਖੇ ਲਾਇਆ। ਉਨ੍ਹਾਂ ਕਿਹਾ ਕਿ ਭਾਈ ਗਜਿੰਦਰ ਸਿੰਘ ਨੇ ਜਲਾਵਤਨੀ ਭਰੀ ਜ਼ਿੰਦਗੀ ਵਿਚ ਰਹਿੰਦਿਆਂ ਵੀ ਕੌਮੀ ਅਜ਼ਾਦੀ ਦੇ ਸੰਘਰਸ਼ ਪ੍ਰਤੀ ਆਪਣੀ ਦ੍ਰਿੜ੍ਹਤਾ ਤੇ ਸਮਰਪਣ ਭਾਵਨਾ ਨਾਲ ਸਮਝੌਤਾ ਨਹੀਂ ਕੀਤਾ ਅਤੇ ਉਹ ਪੰਥਕ ਸਿਧਾਂਤਾਂ ’ਤੇ ਪਹਿਰਾ ਦਿੰਦੇ ਰਹੇ। ਉਨ੍ਹਾਂ ਕਿਹਾ ਕਿ ਕੌਮ ਨੂੰ ਇਸ ਗੱਲ ਦਾ ਦੁੱਖ ਹੈ ਕਿ ਜਿਸ ਦੇਸ਼ ਵਿਚ ਅਸੀਂ ਰਹਿ ਰਹੇ ਹਾਂ, ਉਥੋਂ ਦੀਆਂ ਸਰਕਾਰਾਂ ਨੇ ਕਦੇ ਵੀ ਸਾਡੇ ਹੱਕਾਂ ਦਾ ਖ਼ਿਆਲ ਨਹੀਂ ਕੀਤਾ। 1947 ਦੀ ਦੇਸ਼ ਵੰਡ ਤੋਂ ਬਾਅਦ ਸਾਨੂੰ ਜਰਾਇਮ ਪੇਸ਼ਾ ਕਿਹਾ ਗਿਆ ਅਤੇ ਅਜ਼ਾਦ ਖਿੱਤੇ ਦਾ ਕੀਤਾ ਵਾਅਦਾ ਵੀ ਪੂਰਾ ਨਹੀਂ ਕੀਤਾ। ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਅੱਜ ਵੀ ਸਾਡੇ ਕਈ ਸੰਘਰਸ਼ੀ ਯੋਧੇ ਆਪਣੀਆਂ ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਵੀ ਜੇਲ੍ਹਾਂ ਵਿਚ ਬੰਦ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀ ਬੇਇਨਸਾਫ਼ੀ ਅੱਜ ਵੀ ਜਾਰੀ ਹੈ ਅਤੇ ਨਵੇਂ ਬਣਾਏ ਕਾਨੂੰਨਾਂ ਤਹਿਤ ਦੇਸ਼ ਧ੍ਰੋਹ ਦਾ ਪਹਿਲਾ ਪਰਚਾ ਵੀ ਸਿੱਖ ’ਤੇ ਹੀ ਦਰਜ ਕੀਤਾ ਗਿਆ ਹੈ। ਅਜਿਹੇ ਵਰਤਾਰੇ ਕਾਰਨ ਸਿੱਖਾਂ ਅੰਦਰ ਰੋਸ ਪੈਦਾ ਹੋਣਾ ਕੁਦਰਤੀ ਹੈ। ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਭਾਈ ਗਜਿੰਦਰ ਸਿੰਘ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਲਾਵਤਨੀ ਸਿੱਖ ਯੋਧੇ ਦਾ ਖਿਤਾਬ ਦਿੱਤਾ ਗਿਆ ਹੈ, ਜਿਸ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਥਕ ਪ੍ਰੰਪਰਾਵਾਂ ਅਨੁਸਾਰ ਸਮਾਗਮ ਕਰਕੇ ਇਹ ਸਨਮਾਨ ਉਨ੍ਹਾਂ ਦੇ ਪਰਿਵਾਰ ਨੂੰ ਸੌਂਪਿਆ ਜਾਵੇਗਾ। ਉਨ੍ਹਾਂ ਸ਼੍ਰੋਮਣੀ ਕਮੇਟੀ ਨੂੰ ਵੀ ਅਪੀਲ ਕੀਤੀ ਕਿ ਭਾਈ ਗਜਿੰਦਰ ਸਿੰਘ, ਭਾਈ ਹਰਦੀਪ ਸਿੰਘ ਨਿੱਝਰ ਤੇ ਭਾਈ ਪਰਮਜੀਤ ਸਿੰਘ ਪੰਜਵੜ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿਚ ਲਗਾਉਣ ਲਈ ਕਾਰਵਾਈ ਕਰੇ।

ਇਸ ਮੌਕੇ ਦਲ ਖ਼ਾਲਸਾ ਦੇ ਆਗੂ ਭਾਈ ਕੰਵਰਪਾਲ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਾਈ ਗਜਿੰਦਰ ਸਿੰਘ ਕਿਸੇ ਇਕ ਜਥੇਬੰਦੀ ਦੇ ਨਹੀਂ, ਸਗੋਂ ਸਮੁੱਚੇ ਖਾਲਸਾ ਪੰਥ ਦੇ ਸਨ ਅਤੇ ਪੰਥ ਵੱਲੋਂ ਉਨ੍ਹਾਂ ਨੂੰ ਬਹੁਤ ਸਤਿਕਾਰ ਮਿਲਿਆ। ਭਾਈ ਗਜਿੰਦਰ ਸਿੰਘ ਨੇ 53 ਸਾਲ ਸੰਘਰਸ਼ ਦੇ ਲੇਖੇ ਲਾਏ ਅਤੇ ਅਨੇਕਾਂ ਤਸ਼ੱਦਦ ਝੱਲੇ। ਉਨ੍ਹਾਂ ਭਾਈ ਗਜਿੰਦਰ ਸਿੰਘ ਦੇ ਜੀਵਨ ਬਾਰੇ ਗੱਲ ਕਰਦਿਆਂ ਉਨ੍ਹਾਂ ਨੂੰ ਸਿੱਖ ਰਹਿਤ ਮਰਯਾਦਾ ਦਾ ਪਹਿਰੇਦਾਰ ਦੱਸਿਆ। ਉਨ੍ਹਾਂ ਸਮਾਗਮ ਵਿਚ ਪਹੁੰਚੀਆਂ ਸਮੁੱਚੀਆਂ ਜਥੇਬੰਦੀਆਂ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਭਾਈ ਗਜਿੰਦਰ ਸਿੰਘ ਦੇ ਭਰਾ ਭਾਈ ਦਰਸ਼ਨ ਸਿੰਘ ਅਤੇ ਹੋਰ ਪਰਿਵਾਰਕ ਮੈਂਬਰਾਂ ਨੂੰ ਸਿਰੋਪਾਓ ਦੇ ਕੇ ਸਨਮਾਨ ਦਿੱਤਾ। ਸਮਾਗਮ ’ਚ ਸ਼ਾਮਲ ਹੋਣ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਭਾਈ ਗਜਿੰਦਰ ਸਿੰਘ ਨੂੰ ਸ਼ਰਧਾਜਲੀ ਭੇਟ ਕੀਤੀ ਅਤੇ ਉਨ੍ਹਾਂ ਦੇ ਸਿੱਖ ਕੌਮ ਨੂੰ ਸਮਰਪਿਤ ਜੀਵਨ ਦੀ ਸ਼ਲਾਘਾ ਕੀਤੀ। ਐਡਵੋਕੇਟ ਧਾਮੀ ਨੇ ਭਾਈ ਗਜਿੰਦਰ ਸਿੰਘ ਨੂੰ ਦ੍ਰਿੜ੍ਹ ਸ਼ਖ਼ਸੀਅਤ ਕਰਾਰ ਦਿੰਦਿਆਂ ਆਖਿਆ ਕਿ ਕਈ ਮੁਸੀਬਤਾਂ ਦੇ ਬਾਵਜੂਦ ਵੀ ਅਟੱਲ ਰਹੇ। ਸਮਾਗਮ ’ਚ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਭਾਈ ਮਨਜੀਤ ਸਿੰਘ, ਭਾਈ ਅਜਾਇਬ ਸਿੰਘ ਅਭਿਆਸੀ, ਬੀਬੀ ਕਿਰਨਜੋਤ ਕੌਰ, ਸ. ਕਰਨੈਲ ਸਿੰਘ ਪੰਜੋਲੀ, ਬਾਬਾ ਚਰਨਜੀਤ ਸਿੰਘ ਜੱਸੋਵਾਲ, ਸ. ਜਗਜੀਤ ਸਿੰਘ ਤਲਵੰਡੀ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਦੇ ਸਪੁੱਤਰ ਭਾਈ ਈਸ਼ਰ ਸਿੰਘ, ਜਥੇਦਾਰ ਭਾਈ ਜਸਬੀਰ ਸਿੰਘ ਰੋਡੇ, ਸ. ਸਿਮਰਨਜੀਤ ਸਿੰਘ ਮਾਨ, ਸ਼੍ਰੋਮਣੀ ਅਕਾਲੀ ਦਲ ਦਿੱਲੀ ਅਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ, ਭਾਈ ਕੰਵਰਪਾਲ ਸਿੰਘ ਦਲ ਖ਼ਾਲਸਾ, ਸ. ਪਰਮਜੀਤ ਸਿੰਘ ਮੰਡ, ਪ੍ਰੋ. ਬਲਜਿੰਦਰ ਸਿੰਘ, ਸ. ਨਰੈਣ ਸਿੰਘ ਚੌੜਾ, ਸ. ਕਰਨੈਲ ਸਿੰਘ ਪੀਰ ਮੁਹੰਮਦ, ਸ. ਜਸਕਰਨ ਸਿੰਘ ਕਾਹਨਸਿੰਘ ਵਾਲਾ, ਸ. ਤਰਸੇਮ ਸਿੰਘ, ਸ. ਸੁਖਵਿੰਦਰ ਸਿੰਘ ਅਗਵਾਨ, ਸ. ਪਰਮਜੀਤ ਸਿੰਘ ਟਾਂਡਾ, ਭਾਈ ਸੁਖਦੇਵ ਸਿੰਘ ਦਮਦਮੀ ਟਕਸਾਲ, ਭਾਈ ਮਨਜੀਤ ਸਿੰਘ ਭੋਮਾਂ, ਵਧੀਕ ਸਕੱਤਰ ਸ. ਤੇਜਿੰਦਰ ਸਿੰਘ ਪੱਡਾ, ਸਾਬਕਾ ਸਕੱਤਰ ਪ੍ਰੋ. ਬਲਵਿੰਦਰ ਸਿੰਘ ਜੌੜਾਸਿੰਘਾ ਆਦਿ ਮੌਜੂਦ ਸਨ।

# ਆਪ ਵਰਕਰਾਂ ਵੱਲੋਂ ਧੂਰੀ ਸ਼ਹਿਰ ਦੀਆਂ ਵੱਖ-ਵੱਖ ਥਾਵਾਂ ਤੇ ਲੱਡੂ ਵੰਡੇ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਅੰਦਰ ਜਲੰਧਰ ਪੱਛਮੀ ਵਿੱਚ ਹੋਈ ਜਿਮਨੀ ਚੋਣ ਵਿੱਚ ਆਪ ਪਾਰਟੀ ਦੀ ਹੋਈ ਇਤਿਹਾਸਿਕ ਜਿੱਤ ਤੋਂ ਧੂਰੀ ਸ਼ਹਿਰ ਅੰਦਰ ਵੱਖ ਵੱਖ ਥਾਵਾਂ ਤੇ ਵਰਕਰਾਂ ਵੱਲੋਂ ਲੱਡੂ ਵੰਡ ਕੇ ਖੁਸ਼ੀ ਦਾ ਇਜਹਾਰ ਕੀਤਾ ਗਿਆ । ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਉ ਐਸ ਡੀ ਅੰਮ੍ਰਿਤ ਬਰਾੜ, ਗਊ ਸੇਵਾ ਕਮਿਸ਼ਨ ਪੰਜਾਬ ਦੇ ਚੇਅਰਮੈਨ ਅਸੋਕ ਕੁਮਾਰ ਲੱਖਾਂ, ਸਮਾਜ ਸੇਵੀ ਆਗੂ ਮੱਖਣ ਗਰਗ, ਕੋਸਲਰ ਡਾਕਟਰ ਪੁਸ਼ਿਪੰਦਰ ਸ਼ਰਮਾ, ਗਗਨ ਜਵੰਧਾ ਨੇ ਕਿਹਾ ਕਿ ਜਲੰਧਰ ਦੇ ਲੋਕਾਂ ਵੱਲੋਂ ਆਪ ਪਾਰਟੀ ਦੇ ਉਮੀਦਵਾਰ ਮਹਿੰਦਰ ਭਗਤ ਨੂੰ ਦਿਲ ਖੋਲ੍ਹ ਕੇ ਵੋਟਾ ਪਾਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਉੱਪਰ ਪੂਰਨ ਭਰੋਸਾ ਪ੍ਰਗਟਾਇਆ ਹੈ। ਉਨ੍ਹਾਂ ਕਿਹਾ ਜਲੰਧਰ ਪੱਛਮੀ ਦੇ ਲੋਕਾਂ ਨਾਲ ਜੋ ਵਾਅਦੇ ਕੀਤੇ ਗਏ ਹਨ ਉਨ੍ਹਾਂ ਨੂੰ ਇੱਕ ਇੱਕ ਕਰਕੇ ਪੂਰਾ ਕਰਨ ਦੇ ਨਾਲ ਨਾਲ ਜਲੰਧਰ ਪੱਛਮੀ ਹਲਕੇ ਦੀ ਨੁਹਾਰ ਬਦਲ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਇਸ ਜਿੱਤ ਨਾਲ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੇ ਉਨ੍ਹਾਂ ਦੇ ਸਾਰੇ ਪਰਿਵਾਰ ਦਾ ਸਿਆਸੀ ਕੱਦ ਹੋਰ ਵੱਧ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਆਪ ਪਾਰਟੀ ਦੇ ਨਾਲ ਦਿਲੋਂ ਜੁੜੇ ਹੋਏ ਹਨ ਤੇ ਭਵਿੱਖ ਵਿੱਚ ਰਹਿਣਗੇ।

## ਜਲੰਧਰ ਵੈਸਟ ਦੇ ਲੋਕਾਂ ਨੇ ਮੁੱਖ ਮੰਤਰੀ ਦੇ ਕੰਮਾਂ ਤੇ ਮੋਹਰ ਲਾ ਕੇ ਭਗਤ ਨੂੰ ਜਿਤਾਇਆ: ਆਪ ਆਗੂ



ਧੂਰੀ ( ਰਣਜੀਤ ਸਿੰਘ ਪੇਧਨੀ ) ਜਲੰਧਰ ਵੈਸਟ ਹਲਕੇ ਦੀ ਹੋਈ ਜ਼ਿਮਨੀ ਚੋਣ ਦੇ ਨਤੀਜੇ ਅੱਜ ਐਲਾਨ ਦਿੱਤੇ ਗਏ ਹਨ। ਆਮ ਆਦਮੀ ਪਾਰਟੀ ਦੇ ਉਮੀਦਵਾਰ ਮੋਹਿੰਦਰ ਭਗਤ ਨੇ 37,325 ਵੋਟਾਂ ਦੇ ਵੱਡੇ ਮਾਰਜਨ ਨਾਲ ਜਿੱਤ ਦਰਜ ਕਰਵਾਈ ਹੈ। ਉਨ੍ਹਾਂ ਨੇ ਕਾਂਗਰਸੀ ਉਮੀਦਵਾਰ ਸੁਰਿੰਦਰ ਕੌਰ ਅਤੇ ਭਾਜਪਾ ਉਮੀਦਵਾਰ ਸ਼ੀਤਲ ਅੰਗੂਰਾਲ ਨੂੰ ਪਿੱਛੇ ਛੱਡਦੇ ਹੋਏ 55,246 ਵੋਟਾਂ ਹਾਸਲ ਕਰਕੇ ਵੱਡੀ ਜਿੱਤ ਦਰਜ ਕੀਤੀ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਜਿੱਤ ਦੀ ਮੁਬਾਰਕਬਾਦ ਦਿੰਦਿਆਂ ਮਨਿਉਰਟੀ ਵਿੰਗ ਦੇ ਹਲਕਾ ਕੁਆਰਡੀਨੇਟਰ ਖਾਲਿਦ ਖਾਨ ਦੁਗਨੀ, ਆਪ ਆਗੂ ਅਮਰੀਕ ਸਿੰਘ ਸੋਹੀ, ਆਪ ਆਗੂ ਜਗਸੀਰ ਸਿੰਘ ਜੱਗਾ ਭੋਜੋਵਾਲੀ, ਆਪ ਆਗੂ ਰਣਜੀਤ ਸਿੰਘ ਧੰਦੀਵਾਲ, ਅਤੇ ਆਪ ਆਗੂ ਅਮਨਦੀਪ ਸਿੰਘ ਭੱਦਲਵੜ ਆਦਿ ਆਗੂਆਂ ਨੇ ਕਿਹਾ ਕਿ ਜਲੰਧਰ ਪੱਛਮੀ ਦੀ ਜਨਤਾ ਨੇ ਮੁੱਖ ਮੰਤਰੀ ਮਾਨ ਦੇ ਕੰਮਾਂ ’ਤੇ ਮੋਹਰ ਲਗਾਈ ਹੈ, ਇਹ ਮਾਨ ਸਰਕਾਰ ਦੇ ਕੰਮਾਂ ਨੂੰ ਵੋਟਾਂ ਪਈਆਂ ਹਨ ।

## ਇਕ ਪਾਸੇ ਇੰਡੀਆਂ ਹਕੂਮਤ ਦੀ ਸਿੱਖਾਂ ਨੂੰ ਮਾਰਨ ਦੀ ਨੀਤੀ, ਦੂਜੇ ਪਾਸੇ ਸਿੱਖਾਂ ਦੇ ਆਪਸੀ ਝਗੜੇ ਜੋ ਕਿ ਸਮੇਂ ਮੁਤਾਬਿਕ ਬਿਲਕੁਲ ਵੀ ਠੀਕ ਨਹੀ : ਮਾਨ

ਨਵੀਂ ਦਿੱਲੀ, 13 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- “ਜਦੋਂ ਇੰਡੀਆਂ ਦੀ ਮੋਦੀ ਹਕੂਮਤ ਅਤੇ ਉਸਦੀਆਂ ਏਜੰਸੀਆ ਆਈ.ਬੀ, ਰਾਅ ਵੱਲੋ ਜ਼ਮਹੂਰੀਅਤ ਜਾਂ ਅਮਨਮਈ ਢੰਗ ਨਾਲ ਆਜ਼ਾਦੀ ਦੀ ਗੱਲ ਕਰਨ ਵਾਲੇ ਬਾਹਰਲੇ ਮੁਲਕਾਂ ਵਿਚ ਵੱਸਣ ਵਾਲੇ ਸਿੱਖਾਂ ਤੇ ਇੰਡੀਆਂ ਵਿਚ ਵੱਸਣ ਵਾਲੇ ਸਿੱਖਾਂ ਨੂੰ ਮਾਰਨ ਦੀ ਨੀਤੀ ਤੇ ਅਮਲ ਕੀਤਾ ਜਾ ਰਿਹਾ ਹੈ, ਜਿਸ ਅਧੀਨ ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ ਮਲਿਕ ਅਤੇ ਸੁਖਦੂਲ ਸਿੰਘ ਕੈਨੇਡਾ, ਅਵਤਾਰ ਸਿੰਘ ਖੰਡਾ ਬਰਤਾਨੀਆ, ਪਰਮਜੀਤ ਸਿੰਘ ਪੰਜਵੜ ਅਤੇ ਲਖਬੀਰ ਸਿੰਘ ਰੋਡੇ ਪਾਕਿਸਤਾਨ, ਦੀਪ ਸਿੰਘ ਸਿੱਧੂ ਹਰਿਆਣਾ ਅਤੇ ਸੁਭਦੀਪ ਸਿੰਘ ਸਿੱਧੂ ਮੂਸੇਵਾਲਾ ਪੰਜਾਬ ਅਤੇ ਅਮਰੀਕਾ ਵਿਚ ਗੁਰਪਤਵੰਤ ਸਿੰਘ ਪੰਨੂ ਉਤੇ ਕਾਤਲਾਨਾਂ ਹਮਲੇ ਦੀ ਸਾਜਿਸ ਘੜੀ ਗਈ, ਨੂੰ ਇੰਡੀਆਂ ਦੇ ਗ੍ਰਹਿ ਵਜੀਰ ਅਮਿਤ ਸ਼ਾਹ, ਵਿਦੇਸ ਵਜੀਰ ਜੈਸੰਕਰ, ਰੱਖਿਆ ਵਜੀਰ ਰਾਜਨਾਥ ਸਿੰਘ, ਸੁਰੱਖਿਆ ਸਲਾਹਕਾਰ ਅਜੀਤ ਡੋਵਾਲ, ਰਾਅ ਦੇ ਮੁੱਖੀ ਰਵੀ ਸਿਨ੍ਹਾ ਅਤੇ ਸਾਬਕਾ ਰਾਅ ਮੁੱਖੀ ਸੰਮਤ ਗੋਇਲ ਵੱਲੋ ਸਾਂਝੀ ਸਾਜਿਸ ਅਧੀਨ ਕਤਲ ਕੀਤੇ ਜਾ ਚੁੱਕੇ ਹਨ ਅਤੇ ਸਿੱਖ ਕੌਮ ਨੂੰ ਹੁਕਮਰਾਨਾਂ ਨੇ ਮੰਦਭਾਵਨਾ ਅਧੀਨ ਨਿਸ਼ਾਨਾਂ ਬਣਾਇਆ ਹੋਇਆ ਹੈ ।



ਇਸ ਨਾਲ ਸਿੱਖ ਕੌਮ ਦੀ ਸਥਿਤੀ ਤਾਂ ਪਹਿਲੋ ਹੀ ਅਤਿ ਚਿੰਤਾਜਨਕ ਬਣੀ ਹੋਈ ਹੈ। ਤਾਂ ਉਸ ਸਮੇਂ ਬਰਤਾਨੀਆ ਦੇ ਲੰਡਨ ਵਰਗੇ ਵੱਡੇ ਸ਼ਹਿਰ ਦੇ ਗੁਰੂਘਰ ਵਿਚ ਪ੍ਰਬੰਧ ਨੂੰ ਲੈਕੇ ਸਿੱਖ ਆਪਸ ਵਿਚ ਤਲਵਾਰਾਂ ਕੱਢਕੇ ਲੜਨ, ਇਹ ਤਾਂ ਸਿੱਖ ਕੌਮ ਦੀ ਬਣੀ ਗੰਭੀਰ ਸਥਿਤੀ ਦੇ ਹਾਲਾਤ ਸਾਨੂੰ ਇਸ ਤਰ੍ਹਾਂ ਦੀ ਇਜਾਜਤ ਨਹੀ ਦਿੰਦੇ । ਬਲਕਿ ਇਸ ਸਮੇ ਵਿਚ ਤਾਂ ਉਸੇ ਤਰ੍ਹਾਂ ਸਭ ਗਰੁੱਪਾਂ, ਸਿਆਸੀ ਦਲਾਂ ਵਿਚ ਵਿਚਰਣ ਵਾਲੇ ਸਿੱਖਾਂ ਨੇ ਜਿਵੇ ਸ਼ਹੀਦ ਸ. ਗਜਿੰਦਰ ਸਿੰਘ ਮੁੱਖੀ ਦਲ ਖ਼ਾਲਸਾ ਦੇ ਭੋਗ ਸਮਾਗਮ ਉਤੇ ਏਕਤਾ ਦਾ ਸਬੂਤ ਦਿੰਦੇ ਹੋਏ ਸਮੂਹਿਕ ਰੂਪ ਵਿਚ ਸਰਧਾ ਦੇ ਫੁੱਲ ਭੇਟ ਕੀਤੇ ਹਨ, ਇਸੇ ਤਰ੍ਹਾਂ ਅੱਜ ਕੇਵਲ ਇੰਡੀਆਂ ਵਿਚ ਹੀ ਨਹੀ ਬਲਕਿ ਸਮੁੱਚੇ ਸੰਸਾਰ ਵਿਚ ਅਤੇ ਯੂਰਪਿੰਨ ਮੁਲਕਾਂ ਵਿਚ ਵਿਚਰਣ ਵਾਲੇ ਆਜਾਦੀ ਦੇ ਪ੍ਰਵਾਨਿਆ ਤੇ ਸਿੱਖ ਕੌਮ ਨੂੰ ਏਕਤਾ ਦਾ ਪ੍ਰਮਾਣ ਦਿੰਦੇ ਹੋਏ ਆਪਣੀ ਕੌਮੀ ਆਜਾਦੀ ਦੇ ਮਿਸਨ ਦੀ ਪ੍ਰਾਪਤੀ ਲਈ ਅਤੇ ਸਿੱਖ ਕੌਮ ਨੂੰ ਮੌਜੂਦਾ ਹੁਕਮਰਾਨਾਂ ਵੱਲੋ ਦਰਪੇਸ ਆ ਰਹੇ ਗੰਭੀਰ ਮਸਲਿਆ ਦੇ ਸਹੀ ਹੱਲ ਲਈ ਇਸੇ ਤਰ੍ਹਾਂ ਇਕੱਤਰ ਹੋ ਕੇ ਆਪਣੀ ਕੌਮੀ ਨੀਤੀ ਅਨੁਸਾਰ ਵਿਚਰਣਾ ਪਵੇਗਾ । ਤਦ ਹੀ ਅਸੀ ਆਪਣੇ ਕੌਮ ਦੇ ਮਸਲਿਆ ਦੀ ਪ੍ਰਾਪਤੀ ਕਰ ਸਕਾਂਗੇ ਅਤੇ ਮੰਜਿਲ ਤੇ ਪਹੁੰਚ ਸਕਾਂਗੇ।” ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਲੰਡਨ ਦੇ ਇਕ ਗੁਰੂਘਰ ਵਿਚ ਸਿੱਖਾਂ ਵੱਲੋ ਆਪਸ ਵਿਚ ਲੜੇ ਜਾਣ ਦੇ ਮੁੱਦੇ ਉਤੇ ਸਮੁੱਚੇ ਸੰਸਾਰ ਵਿਚ ਵੱਸਦੇ ਸਿੱਖਾਂ ਨੂੰ ਅਜਿਹੀਆ ਲੜਾਈਆ ਤੋ ਦੂਰ ਰਹਿਕੇ ਆਪਣੇ ਕੌਮੀ ਮਿਸਨ ਅਤੇ ਸਿੱਖ ਕੌਮ ਨੂੰ ਹਿੰਦੂਤਵ ਹਕੂਮਤ ਵੱਲੋ ਦਰਪੇਸ ਆ ਰਹੇ ਮਸਲਿਆ ਤੇ ਫੌਰੀ ਕੇਂਦਰਿਤ ਹੋਣ ਅਤੇ ਕੌਮੀ ਦੁਸਮਣ ਜਮਾਤਾਂ ਅਤੇ ਹੁਕਮਰਾਨਾਂ ਨਾਲ ਹਰ ਖੇਤਰ ਵਿਚ ਦੂਰ ਅੰਦੇਸ਼ੀ ਅਤੇ ਦ੍ਰਿੜਤਾ ਨਾਲ ਸੰਘਰਸ ਨੂੰ ਅੱਗੇ ਲਿਜਾਣ ਦੀ ਸਮੂਹਿਕ ਅਪੀਲ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਜਦੋ ਸਿੱਖ ਕੌਮ ਅੱਜ ਅਤਿ ਗੰਭੀਰ ਸਮੇ ਵਿਚ ਗੁਜਰ ਰਹੀ ਹੈ ਅਤੇ ਇੰਡੀਆਂ ਦੇ ਹੁਕਮਰਾਨ ਆਪਣੇ ਮਿਸਨ ਦੀ ਪੂਰਤੀ ਕਰਨ ਲਈ ਆਪਣੇ ਮਤਲਬ ਲਈ ਨਵੇ-ਨਵੇ ਘੱਟ ਗਿਣਤੀ ਮਾਰੂ ਕਾਨੂੰਨ ਬਣਾਕੇ ਸਿੱਖ ਕੌਮ ਤੇ ਘੱਟ ਗਿਣਤੀਆ ਨੂੰ ਨਿਸ਼ਾਨਾਂ ਬਣਾਉਣ ਦੇ ਅਮਲ ਕਰਨ ਜਾ ਰਹੇ ਹਨ, ਤਾਂ ਸਾਨੂੰ ਆਪਣੇ ਛੋਟੇ ਮੋਟੇ ਵਿਚਾਰਿਕ ਜਾਂ ਪ੍ਰਬੰਧਕੀ ਵਖਰੇਵਿਆ ਤੋ ਉਪਰ ਉੱਠਕੇ ਆਪਣੇ ਕੌਮੀ ਆਜਾਦੀ ਦੇ ਮਿਸਨ ਦੀ ਪ੍ਰਾਪਤੀ ਕਰਨ ਅਤੇ ਆਪਣੇ ਕੌਮੀ ਮਸਲਿਆ ਨੂੰ ਸਿੱਖ ਕੌਮ ਦੀ ਸ਼ਕਤੀ ਅਤੇ ਉਸ ਅਕਾਲ ਪੁਰਖ ਦੀ ਬਖਸਿਸ ਮੇਹਰ ਸਦਕਾ ਹੱਲ ਕਰਵਾਉਣ ਤੇ ਕੇਦਰਿਤ ਹੋ ਕੇ ਆਪਣੇ ਸੰਘਰਸ ਨੂੰ ਮੰਜਿਲ ਵੱਲ ਵਧਾਉਣਗੇ ਅਤੇ ਨਿੱਜੀ ਕਿੜਾ ਦੀ ਛੋਟੀ ਸੋਚ ਨੂੰ ਅਲਵਿਦਾ ਕਹਿਕੇ ਵੱਡੇ ਮੁੱਦੇ ਉਤੇ ਹੀ ਆਪਣੇ ਧਿਆਨ ਤੇ ਸ਼ਕਤੀ ਨੂੰ ਕੇਦਰਿਤ ਕਰਨਗੇ । ਅਜਿਹਾ ਕਰਨ ਨਾਲ ਇਕ ਤਾਂ ਅਸੀ ਏਕਤਾ ਵਿਚ ਮਜਬੂਤ ਹੋਵਾਂਗੇ, ਦੂਸਰਾ ਸਾਡੀ ਕੌਮੀ ਸ਼ਕਤੀ ਆਪਣੇ ਮਸਲਿਆ ਨੂੰ ਹੱਲ ਕਰਨ ਤੇ ਮੰਜਿਲ ਦੀ ਪ੍ਰਾਪਤੀ ਕਰਨ ਲਈ ਹੋਰ ਵਧੇਰੇ ਕਾਰਗਰ ਸਾਬਤ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਭਾਈ ਨਛੱਤਰ ਸਿੰਘ ਜੀ ਖਾਲਸਾ, ਜਿਹੜੇ ਦੇਸ਼ਾਂ-ਵਿਦੇਸ਼ਾਂ 'ਚ ਪੰਜਾਂ ਸਿੰਘਾਂ ਦਰਮਿਆਨ ਅੰਮ੍ਰਿਤ ਸੰਚਾਰ ਦੀ ਸੇਵਾ ਕਰਦੇ ਸਨ ਅਤੇ ਸਾਰੇ ਦੇਸ਼ਾਂ ਵਿੱਚ ਜਾ ਕੇ ਪੁਰਾਤਨ ਮਰਿਆਦਾ ਅਨੁਸਾਰ 25 ਸਿੰਘ ਸੇਵਾ 'ਚ ਲਗਾ ਕੇ ਅਖੰਡ ਪਾਠ ਸਾਹਿਬ ਜੀ ਦੀਆਂ ਸੇਵਾਵਾਂ ਕਰਦੇ ਸਨ। ਇਨ੍ਹਾਂ ਦੇ ਅਕਾਲ ਚਲਾਣਾ ਕਰ ਜਾਣ ਨਾਲ, ਖਾਸ ਕਰਕੇ ਇੰਗਲੈਂਡ ਦੀਆਂ ਸੰਗਤਾਂ ਲਈ ਅਸਹਿ ਪੰਥਕ ਘਾਟਾ ਪਿਆ ਹੈ। ਅਦਾਰਾ ਆਵਾਜ਼ਿ ਕੌਮ ਅਤੇ ਇੰਟਰਨੈਸ਼ਨਲ ਪੰਥਕ ਦਲ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਾ ਹੈ ਅਤੇ ਵਾਹਿਗੁਰੂ ਜੀ ਅੱਗੇ ਅਰਦਾਸ ਕਰਦੇ ਹਾਂ ਕਿ ਪ੍ਰਮਾਤਮਾ ਵਿਛੜੀ ਆਤਮਾ ਨੂੰ ਆਪਣੇ ਪਵਿੱਤਰ ਚਰਨਾਂ 'ਚ ਨਿਵਾਸ ਬਖਸ਼ੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।

ਸ਼ਹੀਦੀ ਫੁੱਟਬਾਲ ਟੂਰਨਾਮੈਂਟ ਡਰਬੀ 2024

# ਸਿੰਘ ਬ੍ਰਦਰਜ਼ ਫੁੱਟਬਾਲ ਕਲੱਬ ਨੇ ਦਿਖਾਈ ਸ਼ਾਨਦਾਰ ਖੇਡ

## ਕਰੀਬ 100 ਟੀਮਾਂ ਨੇ ਲਿਆ ਹਿੱਸਾ, ਹਜ਼ਾਰਾਂ ਖੇਡ ਪ੍ਰੇਮੀਆਂ ਨੇ ਮਾਣਿਆ ਆਨੰਦ









ਆਵਾਜ਼ਿ ਕੌਮ
AWAZE QAUM
International Newspaper & WEB TV







{ ਕੁਲਵੰਤ ਸਿੰਘ ਵਿਰਕ, ਲੈਸਟਰ }

ਡਰਬੀ ਦਾ ਸਲਾਨਾ ਸ਼ਹੀਦੀ ਫੁੱਟਬਾਲ ਟੂਰਨਾਮੈਂਟ ਇਸ ਸਾਲ ਲੈਯਰ ਯੂਨਾਟਿੱਡ, ਰੇਸ ਕੋਰਸ ਪਲੇਇੰਗ ਫੀਲਡਜ, ਸੇਂਟ ਮਾਰਕਸ ਰੋਡ ਦੀਆਂ ਸ਼ਾਨਦਾਰ ਗਰਾਊਂਡਾਂ ਵਿੱਚ 6, 7 ਜੁਲਾਈ ਨੂੰ ਕਰਵਾਇਆ ਗਿਆ ਜੋ ਬਹੁੱਤ ਕਾਮਯਾਬ ਰਿਹਾ, ਜਿਸ ਵਿੱਚ ਤਕਰੀਬਨ 100 ਟੀਮਾਂ ਨੇ ਭਾਗ ਲਿਆ, ਹਜਾਰਾਂ ਹੀ ਖੇਡ ਪ੍ਰੇਮੀਆ ਨੇ ਦੇਖਿਆ। ਇਸ ਟੂਰਨਾਮੈਂਟ ਨੂੰ ਕਾਮਯਾਬ ਕਰਨ ਲਈ ਡਰਬੀ ਸਪੋਰਟਸ ਕਮੇਟੀ ਸਮੂਹ ਗੁਰੂ ਘਰਾਂ ਅਤੇ ਸ਼ਹਿਰ ਦੀ ਸੰਗਤ ਨੇ ਆਪਣਾ ਆਪਣਾ ਸਹਿਯੋਗ ਦਿੱਤਾ। ਡਰਬੀ ਵਾਲੇ ਜਿੱਸ ਤਰਾਂ ਸਾਰੇ ਰਲ ਮਿੱਲ ਕੇ ਟੂਰਨਾਮੈਂਟ ਕਰਾਉਂਦੇ ਹਨ ਹੋਰਨਾਂ ਸ਼ਹਿਰਾਂ ਲਈ ਇੱਕ ਬਹੁੱਤ ਹੀ ਵਧੀਆ ਮਿਸਾਲ ਹੈ। ਸਥਾਨਕ ਸਿੰਘ ਬਰੌਦਰਜ ਡਰਬੀ ਦੀਆਂ ਦੋਨੋ ਸੀਨੀਅਰ ਟੀਮਾਂ ਫਾਈਨਲ ਵਿੱਚ ਜੀ.ਐਸ.ਏ. ਨਾਲ ਖੇਡੀਆਂ ਅਤੇ ਦੋਨੋ ਹੀ ਮੈਚਾਂ ਨੂੰ ਸਾਰੇ ਹੀ ਦੇਖ ਰਹੇ ਸਨ। ਪ੍ਰੀਮੀਅਰ ਡਿਵੀਯਨ ਜੀ.ਐਸ.ਏ. ਨੇ 4-2 ਤੇ ਜਿੱਤ ਪ੍ਰਾਪਤ ਕੀਤੀ ਪਰ ਡਿਵੀਯਨ ਵੰਨ ਦਾ ਕੱਪ ਸਿੰਘ ਬਰੌਦਰਜ ਨੇ ਜਿੱਤਿਆ। ਓਵਰ 35 ਸਾਲ ਦੇ ਜੇਤੂ ਵੰਡਰਵੌਲਟਸ ਰਹੇ। ਬੱਚਿਆਂ ਦੇ ਮੈਚ ਸਮੇ ਐਤਵਾਰ ਨੂੰ ਹਰ ਟੂਰਨਾਮੈਂਟ ਦੀ ਤਰਾਂ ਪੂਰਾ ਪ੍ਵਾਰਿੱਕ ਮਹੌਲ ਸੀ ਕਿਉਕਿਂ ਉਂਨ੍ਹਾ ਦੀ ਹੌਸਲਾਂ ਅਫਜਾਈ ਵਧਾਉਣ ਲਈ ਮਾਂ ਬਾਪ, ਦਾਦਾ ਦਾਦੀ, ਭੈਣ ਭਰਾ, ਅਤੇ ਹੋਰ ਨਜਦੀਕੀ ਰਿਸ਼ਤੇਦਾਰ ਫੁੱਟਬਾਲ ਟੂਰਨਾਮੈਂਟ ਦਾ ਅਨੰਦ ਲੈਣ ਆਏ ਹੋਏ ਸਨ। ਅੰਡਰ 8 ਅਤੇ 9 ਜੀ.ਐਨ.ਜੀ. ਲੈਸਟਰ, ਅੰਡਰ 11 ਐਫ.ਸੀ.ਖ਼ਾਲਸਾ ਲੈਸਟਰ, ਅੰਡਰ 13 ਸਿੱਖ ਲਾਓਨਜ ਨੌਟਿੰਘਮ ਅਤੇ ਅੰਡਰ 15 ਦਾ ਕੱਪ ਸਿੰਘ ਬਰੌਦਰਜ ਡਰਬੀ ਨੇ ਜਿੱਤਿਆ। ਇਸ ਟੂਰਨਾਮੈਂਟ ਵਿੱਚ ਲੜਕੀਆਂ ਦੀਆਂ ਟੀਮਾਂ ਨੇ ਭਾਗ ਲਿਆ ਅਤੇ ਜੇਤੂ ਟੀਮਾਂ ਨੂੰ ਟਰੋਫੀਆਂ ਦਿੱਤੀਆ ਗਈਆਂ। ਡਿਪੁੱਟੀ ਮੇਅਰ ਸਰਦਾਰ ਅਜੀਤ ਸਿੰਘ ਅਟਵਾਲ ਜੀ ਨੇ ਕਿਹਾ ਕਿ ਪ੍ਰਬੰਧਕਾਂ ਨੇ ਬਹੁੱਤ ਵਧੀਆ ਉਪਰਾਲਾ ਕੀਤਾ ਹੈ ਕਿ ਪਹਿੱਲੀ ਵਾਰ ਇਨ੍ਹਾ ਸ਼ਾਨਦਾਰ 3 ਜੀ ਗਰਾਂਉਂਡਾ ਤੇ ਗੇਮਾਂ ਖਿਡਾਈਆ ਜਾ ਰਹੀਆਂ ਹਨ ਅਤੇ ਅਗਾਂਹ ਤੋਂ ਵੀ ਡਰਬੀ ਦੇ ਕਾਉਂਸਲ ਦੇ ਸਿਹਯੋਗ ਨਾਲ ਇੱਥੇ ਹੀ ਕਰਵਾਇਆ ਜਾਵੇਗਾ। ਰਾਜਿੰਦਰ ਸਿੰਘ ਪੁਰੇਵਾਲ ਸੰਪਾਦਕ ਪੰਜਾਬ ਟਾਈਮਜ ਨੇ ਦੱਸਿਆ ਕਿ ਇਹ ਸ਼ਹੀਦੀ ਟੂਰਨਮੈਂਟ ਚਲਦਿਆਂ 50 ਸਾਲ ਤੋਂ ਵੀ ਜਿਆਦਾ ਹੋ ਗਏ ਹਨ। ਪੁਰਾਣੇ ਖਿਡਾਰੀਆਂ ਨੇ ਚੰਗੇ ਢੰਗ ਨਾਲ 50-60 ਬੱਚਿਆਂ ਦੀਆਂ ਟੀਮਾਂ ਦਾ ਪ੍ਰਬੰਧ ਕੀਤਾ ਹੈ ਜੋ ਕਿ ਸ਼ਲਾਘਾਯੋਗ ਉਦਮ ਹੈ। ਅਸੀਂ ਚਾਹੁੰਦੇ ਹਾਂ ਕਿ ਸਾਡੇ ਬੱਚੇ ਸਿਹਤਮੰਦ ਹੋਣ ਅਤੇ ਫੁੱਟਬਾਲ ਖੇਡਣ ਨਾਲ ਬੱਚੇ ਬੁਰਾਈਆ ਤੋਂ ਵੀ ਦੂਰ ਰਹਿੰਦੇ ਹਨ ਸਿਹਤ ਤਾਂ ਚੰਗੀ ਰਹਿੰਦੀ ਹੈ ਹੀ। ਗੁਰੂ ਅਰਜਨ ਦੇਵ ਗੁਰਦਵਾਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਜਸਵੀਰ ਸਿੰਘ ਢਿਲੋਂਨ ਜੀ ਨੇ ਸਮੂਹ ਸਿਹਯੋਗੀਆਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਸੱਭ ਨੂੰ ਹਮੇਸ਼ਾ ਹੀ ਇਸੀ ਤਰਾਂ ਟੂਰਨਾਮੈਂਟ ਨੂੰ ਕਾਮਯਾਬ ਬਣਾਉਣ ਵਿੱਚ ਸਿਹਯੋਗ ਦੇਣਾ ਚਾਹੀਦਾ ਹੈ ਅਤੇ ਅਸੀਂ ਵੀ ਸਿਹਯੋਗ ਦੇਵਾਂਗੇ। ਸਿੰਘ ਬਰੌਦਰਜ ਡਰਬੀ ਫੁੱਟਬਾਲ ਕਲੱਬ ਅਤੇ ਖਾਲਸਾ ਫੁੱਟਬਾਲ ਫੈਡਰੇਸ਼ਨ ਦੇ ਅਣਥੱਕ ਸੇਵਾਦਾਰ ਸਰਦਾਰ ਜਸਵੀਰ ਸਿੰਘ ਲੈਹਲ ਜੀ ਨੇ ਡੈਪੁੱਟੀ ਮੇਅਰ ਕਾਊਂਸਲਰ ਅਜੀਤ ਸਿੰਘ ਅਟਵਾਲ, ਡਰਬੀ ਸਪੋਰਟਸ ਕਮੇਟੀ ਸਾਰੇ ਹੀ ਸਪੌਨਸਰਾਂ ਦਾ ਤਿਹ ਦਿਲੋਂ ਧੰਨਵਾਦ ਕੀਤਾ ਅਤੇ ਆਸ ਰੱਖੀ ਕਿ ਅੱਗੇ ਤੋਂ ਵੀ ਸਾਰੇ ਰਲ ਮਿੱਲ ਕੇ ਡਰਬੀ ਦੀ ਸ਼ਹੀਦੀ ਟੂਰਨਾਮੈਂਟ ਨੂੰ ਹੋਰ ਵੀ ਜਿਆਦਾ ਕਾਮਯਾਬ ਬਣਾਈਏ। ਉਨ੍ਹਾ ਨੇ ਇਹ ਵੀ ਦੱਸਿਆ ਕਿ ਇਸ ਸਾਲ ਸਿੰਘ ਬਰੌਰਦਰਜ ਫੁੱਟਬਾਲ ਕਲੱਬ ਦੀਆ ਸਾਰੀਆਂ ਹੀ ਟੀਮਾਂ ਨੇ ਟਰੋਫੀਆਂ ਜਿੱਤੀਆ ਜਿੱਸ ਤੇ ਕਲੱਬ ਨੂੰ ਮਾਣ ਹੈ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਪੰਥਕ ਜੁਝਾਰੂ ਆਗੂ ਭਾਈ ਵਸਣ ਸਿੰਘ ਜੱਫਰਵਾਲ ਦੀ ਮਾਤਾ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ। ਉਨਾਂ ਦੇ ਘਰ ਵਿਚ ਉਨਾਂ ਨਾਲ ਅਫ਼ਸੋਸ ਸਾਂਝਾ ਕਰਦੇ ਹੋਏ ਸਰਦਾਰ ਸਿਮਰਜੀਤ ਸਿੰਘ ਮਾਨ, ਭਾਈ ਗੁਰਦੀਪ ਸਿੰਘ ਬਠਿੰਡਾ, ਉਪਕਾਰ ਸਿੰਘ, ਹਰਪਾਲ ਸਿੰਘ, ਗੁਰਜੰਟ ਸਿੰਘ ਕੱਟੂ ਦੁੱਖ ਸਾਂਝਾ ਕਰਨ ਗਏ। ਆਵਾਜ਼ਿ ਕੌਮ ਨੂੰ ਇਹ ਜਾਣਕਾਰੀ ਅਮਨਦੀਪ ਸਿੰਘ ਖਾਲਸਾ, ਜਲੰਧਰ ਪ੍ਰੈਸ ਸਕੱਤਰ ਸ਼ੇਰੇ ਏ ਪੰਜਾਬ ਅਕਾਲੀ ਦਲ ਨੇ ਦਿੱਤੀ।

# ਪਿੰਡ ਰਸੂਲਪੁਰ (ਮੱਲ੍ਹਾ) ਵਿਖੇ ਵੱਖ ਤਰ੍ਹਾਂ ਦੇ ਬੂਟੇ ਲਗਾਏ ਗਏ



**ਜਗਰਾਉਂ, (ਵਰਿਆਮ ਹਠੂਰ)**-ਵਾਤਾਵਰਨ ਨੂੰ ਸ਼ੁੱਧ ਅਤੇ ਸਾਫ਼ ਸੁਥਰਾ ਰੱਖਣ ਲਈ ਪਿੰਡ ਰਸੂਲਪੁਰ (ਮੱਲ੍ਹਾ) ਵਿਖੇ ਵੱਖ ਵੱਖ ਥਾਵਾਂ ਤੇ ਵੱਖ ਵੱਖ ਤਰ੍ਹਾਂ ਦੇ ਬੂਟੇ ਲਗਾਏ ਗਏ ਗੱਲਬਾਤ ਕਰਦਿਆਂ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਦੇ ਪ੍ਰਧਾਨ ਜੋਰਾ ਸਿੰਘ ਰਸੂਲਪੁਰ ਨੇ ਕਿਹਾ ਕਿ ਵਾਤਾਵਰਨ ਨੂੰ ਸਾਫ਼ ਸੁਥਰਾ ਅਤੇ ਹਰਾ ਭਰਾ ਰੱਖਣ ਲਈ ਵੱਖ ਵੱਖ ਤਰ੍ਹਾਂ ਦੇ ਬੂਟੇ ਲਗਾਉਣ ਦਾ ਅਤੇ ਵੰਡਣ ਦਾ ਉਪਰਾਲਾ ਕੀਤਾ ਗਿਆ ਹੈ। ਇਸੇ ਤਰ੍ਹਾਂ ਹਰ ਮਨੁੱਖ ਨੂੰ ਆਪਣੀ ਜ਼ਿੰਮੇਵਾਰੀ ਸਮਝਦਿਆਂ ਵੱਧ ਤੋਂ ਵੱਧ ਬੂਟੇ ਲਗਾ ਕੇ ਆਪਣੇ ਧੀਆਂ ਪੁੱਤਰਾਂ ਵਾਂਗ ਉਨ੍ਹਾਂ ਦਾ ਪਾਲਣ ਪੋਸ਼ਣ ਕਰਨਾ ਚਾਹੀਦਾ ਹੈ। ਰੁੱਖ ਜਿੱਥੇ ਸਾਨੂੰ ਆਕਸੀਜਨ ਦਿੰਦੇ ਹਨ। ਉੱਥੇ ਠੰਡੀਆਂ ਛਾਵਾਂ ਵੀ ਦਿੰਦੇ ਹਨ। ਪਸ਼ੂ ਪੰਛੀਆਂ ਲਈ ਵੀ ਵੱਡਾ ਸਹਾਰਾ ਹਨ ਇਹ ਰੁੱਖ ਇਸ ਲਈ ਹਰ ਇੱਕ ਨੂੰ ਆਪਣਾ ਬਣਦਾ ਯੋਗਦਾਨ ਰੁੱਖ ਲਗਾਉਣ ਵਿੱਚ ਪਾਉਣਾ ਚਾਹੀਦਾ ਹੈ। ਪ੍ਰਧਾਨ ਜੋਰਾ ਸਿੰਘ ਰਸੂਲਪੁਰ ਨੇ ਅੱਗੇ ਕਿਹਾ ਕਿ ਜਿਸ ਤਰ੍ਹਾਂ ਇਸ ਵਾਰ ਅੱਤ ਦੀ ਗਰਮੀ ਰਹੀ ਹੈ। ਉਸ ਨੂੰ ਧਿਆਨ ਵਿੱਚ ਰੱਖਦਿਆਂ ਪਿੰਡਾਂ, ਸ਼ਹਿਰਾਂ, ਕਸਬਿਆਂ ਵਿੱਚ ਕਲੱਬਾਂ, ਪੰਚਾਇਤਾਂ ਨੂੰ ਸ਼ਲਾਘਾਯੋਗ ਉਪਰਾਲੇ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਹਾਜ਼ਰ ਸਨ । ਪ੍ਰਧਾਨ ਜੋਰਾ ਸਿੰਘ ਰਸੂਲਪੁਰ , ਕੁਲਦੀਪ ਸਿੰਘ, ਦਲਜੀਤ ਸਿੰਘ ਖਾਲਸਾ ,ਗੁਰਪ੍ਰੀਤ ਸਿੰਘ ਗੋਪੀ ,ਗੁਰਮੀਤ ਸਿੰਘ ਬਾਬਾ,ਬਾਈ ਸੁਰਜੀਤ ਸਿੰਘ, ਰਵੀ ਸਿੰਘ ਮਿਸਤਰੀ, ਭੁਪਿੰਦਰ ਸਿੰਘ ਭਿੰਦਾ, ਗੁਰਦੀਪ ਸਿੰਘ ਹਲਵਾਈ ਆਦਿ ਹਾਜ਼ਰ ਸਨ।

# ਪੈਨਸ਼ਨਰਜ਼ ਐਸੋਸੀਏਸ਼ਨ ਫ਼ਿਰੋਜ਼ਪੁਰ ਦੀ ਹੋਈ ਮਹੀਨਾਵਰ ਮੀਟਿੰਗ



ਫ਼ਿਰੋਜ਼ਪੁਰ, 13 ਜੁਲਾਈ (ਮਨੋਹਰ ਲਾਲ):— ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਫ਼ਿਰੋਜ਼ਪੁਰ ਦੀ ਮਹੀਨਾਵਾਰ ਮੀਟਿੰਗ ਅੱਜ ਮਿੰਟੀ ਸੈਕਟਰੀਏਟ ਫ਼ਿਰੋਜ਼ਪੁਰ ਵਿਖੇ ਹੋਈ, ਜਿਸ ਦੀ ਅਗਵਾਈ ਖਜਾਨ ਸਿੰਘ ਵੱਲੋਂ ਕੀਤੀ ਗਈ। ਇਸ ਮੌਕੇ ਬੋਲਦਿਆਂ ਅਜੀਤ ਸਿੰਘ ਅਤੇ ਸੁਰਿੰਦਰ ਸਿੰਘ ਜ਼ੋਸਨ ਵਿੱਤ ਸਕੱਤਰ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਦੇ ਭਰੋਸਾ ਦੇਣ ਤੇ ਮਿਤੀ 6.07.2024 ਦੀ ਜਲੰਧਰ ਰੈਲੀ ਪੈਨਸ਼ਨਰਾਂ ਵੱਲੋਂ ਮੁਲਤਵੀ ਕਰ ਦਿੱਤੀ ਗਈ ਸੀ। ਉਨ੍ਹਾਂ ਕਿਹਾ ਕਿ ਹੁਣ ਮੁੱਖ ਮੰਤਰੀ ਪੰਜਾਬ ਵੱਲੋਂ 25.07.2024 ਨੂੰ ਮੀਟਿੰਗ ਬੁਲਾਈ ਗਈ ਹੈ ਅਤੇ ਇਸ ਮੀਟਿੰਗ ਵਿਚ ਪਤਾ ਚੱਲੇਗਾ ਕਿ ਇਹ ਮੀਟਿੰਗ ਵਿਚ ਪੰਜਾਬ ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਬਾਰੇ ਕੀ ਗੁੱਲ ਖਿਲਾਉਂਦੀ ਹੈ। ਇਸ ਮੌਕੇ ਖਜਾਨ ਸਿੰਘ, ਬੂਟਾ ਸਿੰਘ, ਸੁਰਿੰਦਰ ਸਿੰਘ ਜ਼ੋਸਨ, ਗੁਰਪ੍ਰਤਾਪ ਸਿੰਘ, ਓ.ਪੀ ਗੁੰਬਰ, ਸੁਰਿੰਦਰ ਸ਼ਰਮਾ, ਹਰਕਿਸ਼ਨ ਸਿੰਘ ਮਾਸਟਰ, ਦੀਪਕ ਕੁਮਾਰ ਆਦਿ ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਨੇ ਮੰਗਾਂ ਬਾਰੇ ਫਿਰ ਲਾਰਿਆਂ ਦੀ ਪੰਡ ਚੁੱਕਾ ਦਿੱਤੀ ਤਾਂ ਤਿੱਖਾ ਸੰਘਰਸ਼ ਆਰੰਭ ਕੀਤਾ ਜਾਵੇਗਾ ਅਤੇ ਜਿਮਨੀ ਚੋਣਾਂ ਜ਼ੋ ਅਜੇ ਬਾਕੀ ਰਹਿੰਦੀਆਂ ਹਨ, ਵਿਚ ਪੰਜਾਬ ਸਰਕਾਰ ਦਾ ਡੱਟ ਕੇ ਵਿਰੋਧ ਕੀਤਾ ਜਾਵੇਗਾ। ਇਸ ਮੌਕੇ ਅਜੀਤ ਸਿੰਘ ਸੋਢੀ ਨੇ ਪੈਨਸ਼ਨਰਾਂ ਵੱਲੋਂ ਜਿੱਤੀਆਂ ਰਿੱਟਾਂ (ਕੇਸਾਂ) ਦਾ ਜਲਦੀ ਹੱਕ ਵਿਚ ਨੋਟੀਫਿਕੇਸ਼ਨਾਂ ਜਾਰੀ ਕਰਨ ਦੀ ਮੰਗ ਕੀਤੀ।

# ਅਸਲ ਦੋਸ਼ੀਆਂ ਦੀਆਂ ਪੈੜਾਂ ਨੱਪਣ ਲਈ ਸਭ ਤੋਂ ਪਹਿਲਾਂ ਗੁਰਮੀਤ ਰਾਮ ਰਹੀਮ ਨੂੰ ਮੁਆਫ਼ ਕਰਨ ਵਾਲੇ ਸਿੰਘ ਸਾਹਿਬਾਨਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਤਲਬ ਕੀਤਾ ਜਾਵੇ : ਮਨਜੀਤ ਸਿੰਘ ਭੋਮਾ



**ਨਵੀਂ ਦਿੱਲੀ, 13 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ ਨੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੂੰ ਨਿਮਰਤਾ ਭਰੀ ਅਪੀਲ ਕੀਤੀ ਹੈ ਕਿ ਗੁਰਮੀਤ ਰਾਮ ਰਹੀਮ ਨੂੰ ਮਾਫ਼ ਕਰਵਾਉਣ ਵਾਲੇ ਅਸਲ ਦੋਸ਼ੀਆਂ ਦੀ ਪੈੜ ਨੱਪਣ ਲਈ ਸਭ ਤੋਂ ਪਹਿਲਾਂ ਮੁਆਫ਼ ਕਰਨ ਵਾਲੇ ਪੰਜ ਸਿੰਘ ਸਾਹਿਬਾਨਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਤਲਬ ਕਰਕੇ ਇਸ ਦਿੱਤੀ ਗਈ ਮੁਆਫੀ ਦੀ ਪਰਦੇ ਪਿਛਲੀ ਕਹਾਣੀ ਦਾ ਸਪੱਸ਼ਟੀਕਰਨ ਲੈ ਕੇ ਅਸਲ ਦੋਸ਼ੀ ਸੰਗਤ ਦੀ ਕਚਹਿਰੀ ਵਿੱਚ ਬੇਨਕਾਬ ਕਰਕੇ ਇਹਨਾਂ ਦੋਸ਼ੀਆਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਤਲਬ ਕਰਕੇ ਸਖ਼ਤ ਸਜ਼ਾਵਾਂ ਦਿੱਤੀਆਂ ਜਾਣੀਆਂ ਚਾਹੀਦੀਆਂ ਹਨ। ਸਿੰਘ ਸਾਹਿਬ ਗਿਆਨੀ ਗੁਰਮੁਖ ਸਿੰਘ ਜੀ ਦੇ ਇਕਬਾਲੀਆ ਬਿਆਨਾਂ ਦੇ ਆਧਾਰ ਜੋ ਉਹ ਬਾਅਦ ਵਿੱਚ ਕਿਸੇ ਕਾਰਨ ਮੁਕਰ ਗਿਆ ਪਰ ਅਖ਼ਬਾਰਾਂ ਦੇ ਬਿਆਨ ਅੱਜ ਵੀ ਵਾਅਦਾ ਮੁਆਫ ਗਵਾਹ ਦੇ ਤੌਰ ਤੇ ਮੌਜੂਦ ਹਨ ਕਿ ਸਾਨੂੰ ਮੁੱਖ ਮੰਤਰੀ ਸ ਪ੍ਰਕਾਸ਼ ਸਿੰਘ ਬਾਦਲ ਦੀ ਸਰਕਾਰੀ ਕੋਠੀ ਸੱਦਕੇ ਇਹ ਹਦਾਇਤਾਂ ਜਾਰੀ ਕੀਤੀਆਂ ਗਈਆਂ ਸਨ ਕਿ ਜਾਕੇ ਗੁਰਮੀਤ ਰਾਮ ਰਹੀਮ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਮੁਆਫੀ ਦਾ ਐਲਾਨ ਕਰ ਦਿਉਂ। ਇਸੇ ਤਰ੍ਹਾਂ ਇੱਕ ਮੀਟਿੰਗ ਅਕਸ਼ੇ ਕੁਮਾਰ ਜਾਂ ਗੁਰਿੰਦਰ ਸਿੰਘ ਚੱਢਾ ਦੀ ਕੋਠੀ ਵੀ ਇੱਕ ਹਾਈਲੇਵਲ ਦੀ ਮੀਟਿੰਗ ਰਾਮ ਰਹੀਮ ਨਾਲ਼ ਹੋਈ। ਇਸ ਮੀਟਿੰਗ ਵਿੱਚ ਗੁਰਮੀਤ ਰਾਮ ਰਹੀਮ ਕੀ ਕੀ ਸੌਦੇ ਬਾਜ਼ੀ ਹੋਈ ਇਹਨਾਂ ਮੀਟਿੰਗਾਂ ਵਿੱਚ ਕੌਣ ਕੌਣ ਸ਼ਾਮਲ ਸੀ । ਇਸ ਮੀਟਿੰਗ ਵਿੱਚ ਹਾਜ਼ਰ ਸਭ ਵੱਡੇ ਚਿਹਰੇ ਪੰਥ ਦੀ ਕਚਹਿਰੀ ਵਿੱਚ ਬੇਨਕਾਬ ਹੋਣੇ ਜ਼ਰੂਰੀ ਹਨ। ਜਿੰਨੀਂ ਦੇਰ ਮੁੱਖ ਮੰਤਰੀ ਨਿਵਾਸ ਵਾਲੀ ਮੀਟਿੰਗ ਤੇ ਬੰਬਈ ਵਾਲ਼ੀ ਮੀਟਿੰਗ ਦੇ ਅਸਲ ਵੱਡੇ ਚਿਹਰੇ ਬੇਨਕਾਬ ਨਹੀਂ ਹੁੰਦੇ। ਉਨੀਂ ਦੇਰ ਅਸਲ ਦੋਸ਼ੀਆਂ ਤੱਕ ਪਹੁੰਚਿਆ ਹੀ ਨਹੀਂ ਜਾ ਸਕਦਾ। ਉਸ ਸਮੇਂ ਦੇ ਪੰਜ ਸਿੰਘ ਸਾਹਿਬਾਨਾਂ ਨੂੰ ਇਹ ਵੀ ਪੁੱਛਿਆ ਜਾਵੇ ਕਿ ਗੁਰਮੀਤ ਰਾਮ ਰਹੀਮ ਦਾ ਮਾਫ਼ੀ ਨਾਮਾਂ ਕੌਣ ਲੈ ਕੇ ਆਇਆਂ ? ਉਸ ਮਾਫ਼ੀਨਾਮੇ ਤੇ ਗੁਰਮੀਤ ਰਾਮ ਰਹੀਮ ਦੇ ਦਸਤਖਤ ਅਸਲੀ ਹਨ ਜਾਂ ਨਕਲੀ ਕਿਉਂਕਿ ਗੁਰਮੀਤ ਰਾਮ ਰਹੀਮ ਦਾ ਉਸ ਸਮੇਂ ਦਾ ਇਕਬਾਲੀਆ ਬਿਆਨ ਹੈ ਕਿ ਮੈਂ ਕੋਈ ਗੁਨਾਹ ਹੀ ਨਹੀਂ ਕੀਤਾ ਫਿਰ ਮੁਆਫ਼ੀ ਕਿਸ ਗੱਲ ਦੀ। ਇਹ ਮੁਆਫੀ ਨਾਮੇ ਵਾਲਾ ਪੱਤਰ ਅੱਜ ਤੱਕ ਇੱਕ ਬੁਝਾਰਤ ਬਣਿਆਂ ਹੋਇਆ ਹੈ ਕਿ ਉਹ ਪੱਤਰ ਅਸਲੀ ਸੀ ਕਿ ਨਕਲੀ। ਇਸ ਪੱਤਰ ਬਾਰੇ ਵੀ ਪੰਜ ਸਿੰਘ ਸਾਹਿਬਾਨਾਂ ਦੀ 15 ਜੁਲਾਈ ਨੂੰ ਹੋ ਰਹੀ ਮੀਟਿੰਗ ਵਿੱਚ ਵੀਚਾਰ ਤੇ ਪੜਚੋਲ ਹੋਣੀ ਚਾਹੀਦੀ ਹੈ। ਇਹ ਪੱਤਰ ਪ੍ਰੈਸ ਤੇ ਸੰਗਤ ਵਿੱਚ ਵੀ ਜਨਤਕ ਹੋਣਾ ਚਾਹੀਦਾ ਹੈ। ਉਸ ਸਮੇਂ ਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੀ ਅਕਾਲ ਤਖ਼ਤ ਸਾਹਿਬ ਤੇ ਤਲਬ ਕਰਨੀ ਚਾਹੀਦੀ ਹੈ ਜਿਹਨਾਂ ਨੇ ਮਤਾ ਪਾਸ ਕਰਕੇ ਗੁਰਮੀਤ ਰਾਮ ਰਹੀਮ ਨੂੰ ਦਿੱਤੀ ਗਈ ਮੁਆਫੀ ਨੂੰ ਜਾਇਜ਼ ਠਹਿਰਾਇਆ ਸੀ ਇਹ ਮਤਾਂ ਅੱਜ ਤੱਕ ਰੱਦ ਨਹੀਂ ਹੋਇਆ ਇਹ ਮਤਾ ਅੱਜ ਵੀ ਸਟੈਂਡ ਕਰਦਾ ਹੈ। ਮੁਆਫੀ ਤਾਂ ਰੱਦ ਹੋ ਗਈ ਸੰਗਤਾਂ ਦੇ ਦਬਾਅ ਤੇ ਭਾਰੀ ਗੁੱਸੇ ਕਾਰਨ ਪਰ ਮਤਾ ਅੱਜ ਤੱਕ ਰੱਦ ਨਹੀਂ ਹੋਇਆ । ਪੰਥ ਨੂੰ ਇਨਸਾਫ਼ ਦੇਣ ਤੇ ਅਸਲ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਲਈ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਨੂੰ ਅਕਾਲੀ ਫੂਲਾ ਸਿੰਘ ਵਾਲਾ ਰੋਲ਼ ਨਿਭਾਉਣਾ ਪਵੇਗਾ ਤਾਂ ਹੀ ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ ਹੋ ਸਕਦਾ ਹੈ।

# ਕਥਾਵਾਚਕ ਗਿਆਨੀ ਭੁਪਿੰਦਰ ਸਿੰਘ ਗਦਲੀ ( ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਮੰਜੀ ਸਾਹਿਬ ਦੀਵਾਨ ਹਾਲ ਵਿੱਚ ਅੱਜ ਕਥਾ ਕਰਨਗੇ



**ਅੰਮ੍ਰਿਤਸਰ, 13 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਤੇਰੀ ਓਟ ਆਸੀਆਨ ਦੇ ਮੁੱਖੀ ਅਤੇ ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾਵਾਚਕ ਗਿਆਨੀ ਭੁਪਿੰਦਰ ਸਿੰਘ ਗਦਲੀ ( ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਮੰਜੀ ਸਾਹਿਬ ਦੀਵਾਨ ਹਾਲ ਵਿੱਚ ਕਥਾ ਕਰਨਗੇ ਅੱਜ। ਜਿਗਰ ਯੋਗ ਹੈ ਕਿ ਗਿਆਨੀ ਜੀ ਅੱਗੇ ਵੀ ਕਈ ਵਾਰ ਮੰਜੀ ਸਾਹਿਬ ਦੀਵਾਨ ਹਾਲ ਵਿੱਚ ਅਤੇ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਸੀਸ ਮਹਿਲ ਦਿੱਲੀ ਅਤੇ ਵਿਦੇਸਾਂ ਵਿੱਚ ਵੀ ਕਥਾ ਕਰ ਚੁੱਕੇ ਹਨ। ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਂਕ ਮਹਿਤਾ)

# ਰਾਜਸਥਾਨ ਦੇ ਸਿੱਖ ਆਗੂ ਤੇਜਿੰਦਰਪਾਲ ਸਿੰਘ ਟਿੰਮਾ ਖਿਲਾਫ਼ ਦੇਸ ਧ੍ਰੋ ਦਾ ਮਾਮਲਾ ਦਰਜ ਕਰਨ ਦੀ ਨਿਖੇਧੀ ਕੀਤੀ ਗਈ ਮੁੱਖ ਬੁਲਾਰਾ ਦਮਦਮੀ ਟਕਸਾਲ



**ਚੌਂਕ ਮਹਿਤਾ, 13 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਰਾਜਸਥਾਨ ਦੇ ਸਿੱਖ ਆਗੂ ਭਾਈ ਤੇਜਿੰਦਰਪਾਲ ਸਿੰਘ ਟਿੰਮਾ ਨੂੰ ਨਵੇਂ ਬਣੇ ਕਾਨੂੰਨਾ ਤਹਿਤ ਨਿਸ਼ਾਨੇ ਤੇ ਲੈ ਕੇ ਉਨ੍ਹਾਂ ਵਿਰੋਧ ਧੋ ?ਰਹ ਦਾ ਪਰਚਾ ਕਰਨ ਤੇ ਦੇਸ਼ ਅੰਦਰ ਸਿੱਖਾਂ ਵਿਰੁੱਧ ਚੱਲੀਆਂ ਜਾ ਰਹੀਆਂ ਸਰਕਾਰੀ ਚਾਲਾ ਦੀ ਤਸਵੀਰ ਹੈ, ਜਿਸ ਦੀ ਦਮਦਮੀ ਟਕਸਾਲ ਜਥਾ ਭਿੰਡਰਾ ਮਹਿਤਾ ਦੇ ਮੁੱਖ ਬੁਲਾਰੇ ਜਥੇਦਾਰ ਭਾਈ ਸੁਖਦੇਵ ਸਿੰਘ ਸ੍ਰੀ ਆਨੰਦਪੁਰ ਸਾਹਿਬ ਵਾਲਿਆਂ ਨੇ ਕਰੜੀ ਨਿੰਦਾ ਕੀਤੀ ਹੈ। ਮੁੱਖ ਬੁਲਾਰੇ ਨੇ ਦੱਸਿਆ ਕਿ ਦਮਦਮੀ ਟਕਸਾਲ ਭਾਈ ਟਿੰਮਾ ਦੇ ਨਾਲ ਹੈਂ। ਅਤੇ ਉਨ੍ਹਾਂ ਦੀ ਹਰ ਲੋੜੀਦੀ ਮਦਦ ਲਈ ਵਚਨਬੱਧ ਹੈ। ਉਨ੍ਹਾਂ ਨੇ ਕਿਹਾ ਕਿ ਭਾਰਤ ਬਹੁ ਕੌਮੀ: , ਬਹੁ ਧਰਮੀ ਅਤੇ ਬਹੁ ਸਭਿਅਕ ਦੇਸ ਹੈਂ ਇਥੇ ਕਾਨੂੰਨ ਵੀ ਸਭ ਲਈ ਹੌਣੇ ਚਾਹੀਦੇ ਹਨ ।ਘੱਟ ਗਿਣਤੀਆਂ ਅਤੇ ਖਾਸਕਰ ਸਿੱਖਾਂ ਨੂੰ ਦਬਾਉਣ ਦੀ ਸਰਕਾਰੀ ਪਰਵਿਰਤੀ ਦੇਸ਼ ਵਿੱਚ ਨਹੀਂ ਹੈ ਉਨ੍ਹਾਂ ਨੇ ਕਿਹਾ ਕਿ ਜੇਕਰ ਬੋਲਣ ਦੀ ਅਜਾਦੀ ਲਈ ਮਾਪਦੰਡ ਵੱਖੋ ਵੱਖਰਾ ਰੱਖਣੇ ਹਨ ਤਾਂ ਇਹ ਸਭ ਨੂੰ ਸੰਵਿਧਾਨਕ ਤੌਰ ਤੇ ਮਿਲੇ ਹੱਕ ਹਕੂਕ ਕੇਵਲ ਇੱਕ ਕਾਗਜੀ ਪੁਲੰਦਾ ਹੀ ਕਹੇ ਜਾ ਸਕਦੇ ਹਨ। ਮੁੱਖ ਬੁਲਾਰੇ ਨੇ ਕਿਹਾ ਕਿ ਭਾਰਤ ਸਰਕਾਰ ਨਵੇਂ ਕਾਨੂੰਨ ਕੇਵਲ ਸਿੱਖਾਂ ਨੂੰ ਨਿਸ਼ਾਨਾ ਬਣਾਉਣ ਲਈ ਨਾ ਵਰਤੇ ਸਗੋਂ ਸਿੱਖਾਂ ਵਿਰੁੱਧ ਉਠ ਰਹੀਆਂ ਆਵਾਜ਼ਾਂ ਅਤੇ ਸੋਸਲ ਮੀਡੀਆ ਉੱਤੇ ਕੀਤੇ ਜਾਂਦੇ ਸਿੱਖ ਵਿਰੋਧੀ ਨਫਰਤੀ ਪ੍ਰਚਾਰ ਤੇ ਵੀ ਲਾਗੂ ਕਰੇ । ਉਨ੍ਹਾਂ ਨੇ ਕਿਹਾ ਕਿ ਭਾਈ ਟਿੰਮਾ ਦਮਦਮੀ ਟਕਸਾਲ ਪੁਰਾਣਾ ਸਿੰਘ ਹੈ, ਸਿੱਖੀ ਦਾ ਪ੍ਰਚਾਰ ਪਾਸਾਰ ਕਰਵਾ ਰਹੇ ਹਨ , ਅਤੇ ਅਨੇਕਾਂ ਲੋੜਵੰਦ ਲੜਕੀਆਂ ਦੇ ਵਿਆਹ ਆਨੰਦ ਕਾਰਜਾਂ ਦੀ ਵੀ ਸੇਵਾ ਨਿਭਾ ਰਹੇ ਹਨ। ਭਾਈ ਸੁਖਦੇਵ ਸਿੰਘ ਜੀ ਨੇ ਰਾਜਸਥਾਨ ਦੀ ਸਰਕਾਰ ਤੇ ਪੁਲਿਸ ਪ੍ਰਸਾਸਨ ਨੂੰ ਕਿਹਾ ਕਿ ਭਾਈ ਤੇਜਿੰਦਰਪਾਲ ਸਿੰਘ ਟਿੰਮਾ ਖਿਲਾਫ਼ ਦਰਜ ਕੀਤੇ ਗਏ ਪਰਚੇ ਨੂੰ ਤੁਰੰਤ ਰੱਦ ਕਰਨ ਲਈ ਵੀ ਆਖਿਆ ਗਿਆ।

### ਫੈਡਰੇਸ਼ਨ ਮਹਿਤਾ ਦੇ ਜਥੇਬੰਦਕ ਪਸਾਰ ਵਿਚ ਹੋਇਆ ਭਾਰੀ ਵਾਧਾ

# ਚਾਰ ਦਰਜਨ ਦੇ ਕਰੀਬ ਨੌਜਵਾਨਾਂ ਨੇ ਫੜਿਆ ਪੱਲਾ ਤੇ ਸੇਵਾਵਾਂ ਕੀਤੀਆਂ ਅਰਪਣ—ਜਸਪਾਲ ਸਿੰਘ



**ਫ਼ਿਰੋਜ਼ਪੁਰ, 13 ਜੁਲਾਈ (ਮਨੋਹਰ ਲਾਲ)** :— ਆਪਣੇ ਜਥੇਬੰਦਕ ਪਸਾਰ ਵਿਚ ਤੇਜ਼ੀ ਨਾਲ ਅੱਗੇ ਵੱਧ ਰਹੀ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਖੇਤਰ ਦੀ ਸਿਰਮੌਰ ਜਥੇਬੰਦੀ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਨੂੰ ਅੱਜ ਉਸ ਵੇਲੇ ਹੋਰ ਵੀ ਬੱਲ ਮਿਲਿਆ, ਜਦ ਸਥਾਨਕ ਸ਼ਹਿਰ ਦੀ ਧਵਨ ਕਲੋਨੀ ਸਥਿਤ ਗੁਰੂ ਅਰਜਨ ਦੇਵ ਜੀ ਦੇ ਗੁਰਦੁਆਰਾ ਸਾਹਿਬ ਵਿਚ ਰੱਖੇ ਇਕ ਸਮਾਗਮ ਦੌਰਾਨ ਚਾਰ ਦਰਜਨ ਦੇ ਕਰੀਬ ਨੌਜਵਾਨਾਂ ਨੇ ਸ਼ਮੂਲੀਅਤ ਕਰਕੇ ਜਥੇਬੰਦੀ ਵਿਚ ਸ਼ਾਮਲ ਹੋ ਕੇ ਆਪਣੀਆਂ ਸੇਵਾਵਾਂ ਸੀਨੀਅਰ ਆਗੂਆਂ ਨੂੰ ਅਰਪਣ ਕਰ ਦਿੱਤੀਆਂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਫੈਡਰੇਸ਼ਨ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜ਼ਸਪਾਲ ਸਿੰਘ, ਕੌਮੀ ਮੀਤ ਪ੍ਰਧਾਨ ਭਾਈ ਸੁਖਦੇਵ ਸਿੰਘ ਲਾਡਾ, ਕੌਮੀ ਸਕੱਤਰ ਜਰਨੈਲ ਸਿੰਘ ਗਾਬੜੀਆ, ਜਨਰਲ ਸਕੱਤਰ ਗਗਨਦੀਪ ਸਿੰਘ ਚਾਵਲਾ, ਜ਼ਿਲ੍ਹਾ ਪ੍ਰਧਾਨ ਸ਼ਹਿਰੀ ਡਾ: ਗੁਰਮੀਤ ਸਿੰਘ, ਜ਼ਿਲ੍ਹਾ ਪ੍ਰਧਾਨ ਦਿਹਾਤੀ ਭਾਈ ਜ਼ਸਬੀਰ ਸਿੰਘ ਤੇਗਾ ਸਿੰਘ ਵਾਲਾ ਨੇ ਨਵੇਂ ਸ਼ਾਮਲ ਹੋਏ ਵਰਕਰਾਂ ਨੂੰ ਸਿਰੋਪਾਓ ਦੇਣ ਉਪਰੰਤ ਕਿਹਾ ਕਿ ਉਨ੍ਹਾਂ ਦੀ ਜਥੇਬੰਦੀ ਦਾ ਇਤਿਹਾਸ ਰਿਹਾ ਹੈ ਕਿ ਹਰ ਔਖੇ ਵੇਲੇ ਹਰ ਵਰਗ ਦੀ ਲੋੜੀਂਦੀ ਸਹਾਇਤਾ ਕੀਤੀ ਜਾਵੇ ਅਤੇ ਆਪਣੇ ਧਰਮ ਦੀ ਰਾਖੀ ਲਈ ਅਤੇ ਗੁਰੂ ਸਿਧਾਤਾਂ ਤੇ ਡੱਟ ਕੇ ਪਹਿਰਾ ਦਿੱਤਾ ਜਾਵੇ। ਨਵੇਂ ਸ਼ਾਮਲ ਹੋਏ ਵਰਕਰਾਂ ਨੇ ਸੀਨੀਅਰ ਆਗੂਆਂ ਨੇ ਵਿਸਵਾਸ਼ ਦੁਆਇਆ ਕਿ ਉਹ ਆਪਣੀ ਜਥੇਬੰਦੀ ਦੇ ਸਿਧਾਤਾਂ, ਗੁਰਮਰਿਆਦਾ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੀ ਸਰਵਉਚਤਾ ਬਹਾਲ ਰੱਖਣ ਵਿਚ ਪੂਰਾ ਯੋਗਦਾਨ ਪਾਉਣਗੇ। ਉਨ੍ਹਾਂ ਮਾਣ ਮਹਿਸੂਸ ਕਰਦਿਆਂ ਕਿਹਾ ਕਿ ਅੱਜ ਉਹ ਇਕ ਸੱਚੀ ਤੇ ਸੁੱਚੀ ਜਥੇਬੰਦੀ ਵਿਚ ਸ਼ਾਮਲ ਹੋ ਕੇ ਮਾਣ ਮਹਿਸੂਸ ਕਰ ਰਹੇ ਹਨ, ਜਿਸ ਦਾ ਗੌਰਵਮਈ ਇਤਿਹਾਸ ਕਿਸੇ ਤੋਂ ਲੁਕਿਆ ਛੁਪਿਆ ਨਹੀਂ ਹੈ ਅਤੇ ਇਸ ਜਥੇਬੰਦੀ ਨੇ ਕਈ ਯੋਧੇ, ਰਾਜਨੀਤੀਵਾਨ ਤੇ ਧਾਰਮਿਕ ਸਖਸ਼ੀਅਤਾਂ ਵੀ ਪੈਦਾ ਕੀਤੀਆਂ ਹਨ, ਜਿਨ੍ਹਾਂ ਤੇ ਕੌਮ ਨੂੰ ਮਾਣ ਹੈ। ਨਵੇਂ ਸ਼ਾਮਲ ਹੋਏ ਮੈਂਬਰਾਂ ਵਿਚ ਕਿਰਨਦੀਪ ਸਿੰਘ ਪੱਲਾ, ਸਤਨਾਮ ਸਿੰਘ, ਨਛੱਤਰ ਸਿੰਘ, ਗੁਰਚਰਨ ਸਿੰਘ ਕਾਲਾ, ਸੁਖਚੈਨ ਸਿੰਘ ਜ਼ੋਗਾ, ਭਾਈ ਪ੍ਰਿਤਪਾਲ ਸਿੰਘ, ਭਾਈ ਕੁਲਵੰਤ ਸਿੰਘ, ਭਾਈ ਕੁਲਵਿੰਦਰ ਸਿੰਘ, ਸੁਰਜੀਤ ਸਿੰਘ ਸੰਧੂ, ਜ਼ਸਪਾਲ ਸਿੰਘ ਸ਼ਕੂਰ, ਡਾ: ਪ੍ਰਿੰਸ, ਮਲਕੀਤ ਸਿੰਘ, ਭਜਨ ਸਿੰਘ, ਅਮਨਦੀਪ ਸਿੰਘ, ਡਾ: ਮਨਜੀਤ ਸਿੰਘ, ਅਕਾਸ਼ਦੀਪ ਸਿੰਘ, ਅਮਨਦੀਪ ਸਿੰਘ, ਲਖਵਿੰਦਰ ਸਿੰਘ, ਖੁਸ਼ਵੰਤ ਸਿੰਘ, ਜ਼ਸਬੀਰ ਸਿੰਘ, ਗੁਰਵਿੰਦਰ ਸਿੰਘ, ਸੁਰਿੰਦਰ ਸਿੰਘ, ਗੁਰਨਾਮ ਸਿੰਘ, ਗੁਰਪ੍ਰੀਤ ਸਿੰਘ, ਚਰਨਪ੍ਰੀਤ ਸਿੰਘ, ਬਲਵੀਰ ਸਿੰਘ, ਅਨੁਰਾਗ ਸਿੰਘ, ਸੁਖਵਿੰਦਰ ਸਿੰਘ, ਹਰਵਿੰਦਰ ਸਿੰਘ, ਮਨਿੰਦਰ ਸਿੰਘ, ਜਗਦੇਵ ਸਿੰਘ ਲਾਡੀ, ਅਵਤਾਰ ਸਿੰਘ ਜ਼ੋਸਨ ਸਮੇਤ ਹੋਰ ਵੀ ਕਈ ਆਗੂ ਹਾਜ਼ਰ ਸਨ।

### ਜਲੰਧਰ ਪੱਛਮੀ ਤੋਂ ਪਾਰਟੀ ਨੂੰ ਮਿਲੀ ਜਿੱਤ 'ਤੇ ਸਰਕਲ ਮਹਿਤਾ ਤੋਂ 'ਆਪ' ਵਰਕਰਾਂ ਮਨਾਈ ਖੁਸ਼ੀ

# ਭਗਵੰਤ ਮਾਨ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਨੂੰ ਲੋਕਾਂ ਨੇ ਦਿੱਤਾ ਵੱਡਾ ਫਤਵਾ : ਚੇਅਰਮੈਨ ਰੰਧਾਵਾ



**ਚੌਂਕ ਮਹਿਤਾ, 13 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਜਲੰਧਰ ਪੱਛਮੀ ਤੋਂ ਜ਼ਿਮਨੀ ਚੋਣ ਦੌਰਾਨ ਆਮ ਆਦਮੀ ਪਾਰਟੀ ਦੇ ਉਮੀਦਵਾਰ ਮੋਹਿੰਦਰ ਭਗਤ ਨੂੰ ਮਿਲੀ ਵੱਡੀ ਜਿੱਤ 'ਤੇ ਅੱਜ ਇੱਥੇ ਮਾਰਕੀਟ ਕਮੇਟੀ ਮਹਿਤਾ ਦੇ ਦਫਤਰ ਵਿਖੇ ਇਕੱਠੇ ਹੋਏ ਸਰਕਲ ਮਹਿਤਾ ਤੋਂ ਪਾਰਟੀ ਅਹੁੱਦੇਦਾਰਾਂ ਤੇ ਵਰਕਰਾਂ ਵੱਲੋਂ ਲੱਡੂ ਵੰਡ ਕੇ ਖੁਸ਼ੀ ਮਨਾਈ ਗਈ ।ਇਸ ਦੌਰਾਨ ਮਾਰਕੀਟ ਕਮੇਟੀ ਮਹਿਤਾ ਦੇ ਚੇਅਰਮੈਨ ਗੁਰਵਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਇਹ ਜਿੱਤ ਜਲੰਧਰ ਦੇ ਲੋਕਾਂ ਦੀ ਜਿੱਤ ਹੈ ,ਜਿੰਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਵਿਕਾਸ ਕਾਰਜਾਂ ਨੂੰ ਵੱਡਾ ਫਤਵਾ ਦਿੱਤਾ ਹੈ ਤੇ ਵੋਟਰਾਂ ਨਾਲ ਧੋਖਾਂ ਕਰਕੇ ਪਾਰਟੀ ਬਦਲਣ ਵਾਲੇ ਮੌਕਾਪ੍ਰਸਤ ਲੀਡਰ ਨੂੰ ਅਸਲ ਹਕੀਕਤ ਦਾ ਸ਼ੀਸ਼ਾ ਦਿਖਾਇਆ ਹੈ ।ਇਸ ਦੇ ਨਾਲ ਹੀ ਬਲਾਕ ਪ੍ਰਧਾਨ ਗੁਰਜ਼ਿੰਦਰ ਸਿੰਘ ਕੋਹਾਟਵਿੰਡ ਨੇ ਇਸ ਚੋਣ ਦੇ ਇੰਚਾਰਜ ਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਸਮੇਤ ਸਮੂਹ ਮੰਤਰੀ ਸਾਹਿਬਾਨ,ਵਿਧਾਇਕ ,ਪਾਰਟੀ ਅਹੁੱਦੇਦਾਰਾਂ ਤੇ ਵਰਕਰਾਂ ਦਾ ਧੰਨਵਾਦ ਕਰਦਿਆ ਕਿਹਾ ਕਿ ਇੰਨ੍ਹਾਂ ਵੱਲੋਂ ਦਿਨ ਰਾਤ ਕੀਤੀ ਗਈ ਸਖਤ ਮਿਹਨਤ ਸਦਕਾ ਹੀ ਪਾਰਟੀ ਨੂੰ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਹੋਈ ਹੈ ।ਇਸ ਮੌਕੇ ਬਲਾਕ ਪ੍ਰਧਾਨ ਗੁਰਜ਼ਿੰਦਰ ਸਿੰਘ ਕੋਹਾਟਵਿੰਡ, ਕੁਲਵੰਤ ਸਿੰਘ ਰੰਧਾਵਾ, ਸੁੱਖ ਰੰਧਾਵਾ, ਪ੍ਰਧਾਨ ਸੁਖਦੇਵ ਸਿੰਘ ਬੁੱਟਰ,ਪਰਮਪਾਲ ਸਿੰਘ ਪ੍ਰੇਮ, ਬਲਜੀਤ ਸਿੰਘ ਚਾਹਲ, ਹਰਜੀਤ ਸਿੰਘ ਖੱਬੇ,ਜਥੇਦਾਰ ਪ੍ਰਗਟ ਸਿੰਘ ਖੱਬੇ,ਸੁਖਰਾਜ ਸਿੰਘ ਕਾਹਲੋਂ ,ਜੁਗਰਾਜ ਸਿੰਘ ਕਾਹਲੋਂ ,ਸੁੱਖ ਬੁੱਟਰ,ਰਾਜਵਿੰਦਰ ਸਿੰਘ ਲਾਡੀ,ਜਸਕਰਨ ਸਿੰਘ ਸੰਧੂ,ਦਵਿੰਦਰ ਸਿੰਘ ਨੰਗਲੀ, ਪ੍ਰਧਾਨ ਅਜੀਤ ਸਿੰਘ,ਮਨਜੀਤ ਸਿੰਘ ਮਲਕਨੰਗਲ,ਨਿਸ਼ਾਨ ਸਿੰਘ ਗੋਲਡੀ ਦਬੁਰਜ਼ੀ, ਬਲਕਾਰ ਸਿੰਘ,ਸੁਖਬੀਰ ਸਿੰਘ ਤੇ ਗੁਰਵੇਲ ਸਿੰਘ ਜਲਾਲ,ਗੁਰਦਿਆਲ ਸਿੰਘ ਮਹਿਸਮਪੁਰ,ਬਲਕਾਰ ਸਿੰਘ,ਸਰਪੰਚ ਗੁਰਮੇਜ਼ ਸਿੰਘ ਚੂੰਗ,ਪ੍ਰਧਾਨ ਮਨਪ੍ਰੀਤ ਸਿੰਘ ਬੌਬੀ,ਹਰਪ੍ਰੀਤ ਸਿੰਘ ਦੀਪੂ,ਪ੍ਰਗਟ ਸਿੰਘ ਬੁੱਟਰ,ਡਾ.ਵਿਰਕ ਖੱਬੇ,ਮਲਕੀਤ ਸਿੰਘ,ਮਲਵਿੰਦਰ ਸਿੰਘ ਫੌਜੀ ਮਹਿਸਮਪੁਰ,ਜਸਵੰਤ ਸਿੰਘ ਕੋਹਾਟਵਿੰਡ ਤੇ ਆਕਾਸ਼ਦੀਪ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਪਾਰਟੀ ਆਗੂ ਤੇ ਵਰਕਰ ਮੌਜੂਦ ਸਨ।

# ਸੀ.ਟੀ.ਇੰਸਟੀਚਿਊਟ ਵੱਲੋਂ ਜਨਤਾ ਮਾਡਰਨ ਸਕੂਲ ਦਾ ਸਨਮਾਨ



**ਚੌਂਕ ਮਹਿਤਾ, 13 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਦੀ ਉੱਚ ਸਿੱਖਿਆ ਪ੍ਰਦਾਨ ਕਰਨ ਵਾਲੀ ਸਿਰਕੱਢ ਸੰਸਥਾ ਸੀ.ਟੀ.ਇੰਸਟੀਚਿਊਟ ਜਲੰਧਰ(ਸ਼ਾਹਪੁਰ ਕੈਂਪਸ) ਵਿਖੇ ਬੀਤੇਂ ਦਿਨੀਂ ਹੋਏ ਇੱਕ ਰਾਜ ਪੱਧਰੀ ਸਮਾਗਮ ਦੌਰਾਨ ਜਨਤਾ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਚੌਂਕ ਦੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ ।ਸੰਸਥਾ ਵੱਲੋਂ ਇਹ ਸਨਮਾਨ ਦਸਵੀਂ ਤੇ ਬਾਰਵੀਂ ਸ਼੍ਰੇਣੀ ਦੀ ਬੋਰਡ ਪ੍ਰੀਖਿਆ 'ਚ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ ਕੀਤੇ ਜਾਣ 'ਤੇ ਦਿੱਤਾ ਗਿਆ ਹੈ ।ਇਸ ਦੌਰਾਨ ਸੀ.ਟੀ.ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ ਨੇ ਆਪਣੇ ਸੰਬੋਧਨ 'ਚ ਸਮੂਹ ਵਿਦਿਆਰਥੀਆਂ, ਸਕੂਲ ਮੈਨੇਜਮੈਂਟ,ਸਟਾਫ ਤੇ ਮਾਪਿਆਂ ਨੂੰ ਵਧਾਈ ਦਿੰਦਿਆਂ ਬੱਚਿਆਂ ਦੇ ਉੱਜਵਲ ਭਵਿੱਖ ਲਈ ਸ਼ੁੱਭ ਕਾਮਨਾਵਾਂ ਭੇਟ ਕੀਤੀਆਂ ਤੇ ਪੂਰੀ ਮਿਹਨਤ ਤੇ ਲਗਨ ਨਾਲ ਅੱਗੇ ਵੱਧਣ ਦੀ ਪ੍ਰੇਰਨਾ ਦਿੱਤੀ ।ਇਸ ਮੌਕੇ ਸਕੂਲ ਚੇਅਰਮੈਨ ਡਾ.ਪਰਮਜੀਤ ਸਿੰਘ ਸੰਧੂ, ਡਾਇਰੈਕਟਰ ਸ੍ਰੀਮਤੀ ਸੁਖਬੀਰ ਕੌਰ ਸੰਧੂ, ਡਾਇਰੈਕਟਰ ਡਾ.ਖੁਸ਼ਪ੍ਰੀਤ ਕੌਰ ਸੰਧੂ, ਸਕੂਲ ਪ੍ਰਿੰ. ਮੈਡਮ ਸਤਵਿੰਦਰ ਕੌਰ ਰੰਧਾਵਾ ਤੇ ਹੋਰ ਸਟਾਫ ਮੈਂਬਰ ਆਦਿ ਮੌਜੂਦ ਸਨ।

# ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਵੱਲੋਂ ਜਨਮ ਦਿਨ ਮੌਕੇ ਸਨਮਾਨ ਸਮਾਰੋਹ ਮੰਗਾਂ ਪ੍ਰਤੀ ਸਰਕਾਰ ਨਾਲ 25 ਜੁਲਾਈ ਨੂੰ ਮੀਟਿੰਗ: ਜੀਤ ਸਿੰਘ ਢੀਂਡਸਾ



**ਸੰਗਰੂਰ, 13 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸਥਾਨਿਕ ਪੈਨਸ਼ਨਰਜ਼ ਭਵਨ ਤਹਿਸੀਲ ਕੰਪਲੈਕਸ ਵਿਖੇ ਗੌਰਮਿੰਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਵੱਲੋਂ ਵਿਸ਼ੇਸ਼ ਸਨਮਾਨ ਸਮਾਰੋਹ ਜੀਤ ਸਿੰਘ ਢੀਂਡਸਾ ਪ੍ਰਧਾਨ ਦੀ ਅਗਵਾਈ ਵਿੱਚ ਕੀਤਾ ਗਿਆ। ਉਨਾਂ ਦੇ ਨਾਲ ਪ੍ਰਧਾਨਗੀ ਮੰਡਲ ਵਿੱਚ ਗੁਰਦੀਪ ਸਿੰਘ ਮੰਗਵਾਲ ਸੀਨੀਅਰ ਮੀਤ ਪ੍ਰਧਾਨ, ਰਾਜ ਕੁਮਾਰ ਅਰੋੜਾ ਜ਼ਿਲ੍ਹਾ ਪ੍ਰਧਾਨ, ਰਾਮ ਲਾਲ ਪਾਂਧੀ ਜ਼ਿਲ੍ਹਾ ਸਕੱਤਰ, ਸੱਜਣ ਸਿੰਘ ਪੂਨੀਆ ਸਰਪ੍ਰਸਤ ਆਦਿ ਸ਼ਾਮਲ ਹੋਏ। ਲਾਭ ਸਿੰਘ ਕੈਸ਼ੀਅਰ , ਸਤਪਾਲ ਸਿੰਗਲਾ, ਨੰਦ ਲਾਲ ਮਲਹੋਤਰਾ, ਹਰਪਾਲ ਸਿੰਘ ਸੰਗਰੂਰਵੀ, ਹਰਵਿੰਦਰ ਸਿੰਘ ਭੱਠਲ ਦੀ ਦੇਖ ਰੇਖ ਹੇਠ ਅਤੇ ਭੁਪਿੰਦਰ ਸਿੰਘ ਜੱਸੀ ਜਨਰਲ ਸਕੱਤਰ ਦੇ ਸਟੇਜ ਸੰਚਾਲਨ ਅਧੀਨ ਸਭ ਤੋਂ ਪਹਿਲਾਂ ਜੀਤ ਸਿੰਘ ਢੀਂਡਸਾ ਦੀ ਪਤਨੀ ਮਨਜੀਤ ਕੌਰ ਢੀਂਡਸਾ ਦੇ ਅਕਾਲ ਚਲਾਣੇ ਤੇ ਮੈਂਬਰਾਂ ਵੱਲੋਂ ਸ਼ਰਧਾਂਜਲੀ ਭੇਂਟ ਕੀਤੀ ਗਈ। ਉਪਰੰਤ ਗੁਰਦੀਪ ਸਿੰਘ ਮੰਗਵਾਲ ਨੇ ਸਵਾਗਤੀ ਸ਼ਬਦ ਕਹੇ ਅਤੇ ਕਿਹਾ ਕਿ ਐਸ਼ੋਸੀਏਸ਼ਨ ਆਪਣੇ ਸਾਥੀਆਂ ਦੇ ਦੁੱਖ ਸੁੱਖ ਵਿੱਚ ਹਰ ਸਮੇਂ ਉਨ੍ਹਾਂ ਦੇ ਨਾਲ ਖੜੀ ਹੈ। ਰਾਮ ਲਾਲ ਪਾਂਧੀ, ਰਾਜ ਕੁਮਾਰ ਅਰੋੜਾ , ਸੱਜਣ ਸਿੰਘ ਪੂਨੀਆ ਨੇ ਪੈਨਸ਼ਨਰਜ਼ ਸਾਥੀਆਂ ਦੀਆਂ ਮੁੱਖ ਮੰਗਾਂ ਜਿਵੇਂ ਕਿ ਪੇ ਕਮਿਸ਼ਨ ਦੀ ਸਿਫਾਰਸ਼ ਅਨੁਸਾਰ 2.59 ਲਾਗੂ ਕਰਨਾ, ਡੀ ਏ ਦੀਆਂ ਕਿਸ਼ਤਾਂ, ਜਨਵਰੀ 2016 ਤੋਂ ਵੱਧੀ ਪੈਨਸ਼ਨ ਦਾ ਬਕਾਇਆ ਆਦਿ ਤੇ ਵਿਸਥਾਰ ਪੂਰਬਕ ਚਾਨਣਾ ਪਾਇਆ ਅਤੇ ਦੱਸਿਆ ਕਿ 25 ਜੁਲਾਈ ਨੂੰ ਸਾਂਝੇ ਫਰੰਟ ਨਾਲ ਮੁੱਖ ਮੰਤਰੀ ਸਾਹਿਬ ਦੀ ਹੋ ਰਹੀ ਮੀਟਿੰਗ ਵਿੱਚ ਉਹ ਇਨ੍ਹਾਂ ਮੰਗਾਂ ਪ੍ਰਤੀ ਆਸਵੰਦ ਹਨ। ਸੁਰਿੰਦਰ ਪਾਲ ਸਿੰਘ ਸਿਦਕੀ ਨੇ ਕਿਹਾ ਕਿ ਸਰਕਾਰ ਵੱਲੋਂ ਪ੍ਰਾਈਵੇਟ ਏਡਿਡ ਕਾਲਜ ਨਾਨ ਟੀਚਿੰਗ ਸਟਾਫ ਯੂਨੀਅਨ ਨੂੰ ਪੇ ਕਮਿਸ਼ਨ ਜੁਲਾਈ ਤੋਂ ਲਾਗੂ ਤਾਂ ਕਰ ਦਿੱਤਾ ਹੈ ਪਰ ਇਸ ਸਬੰਧੀ ਜਨਵਰੀ 16 ਤੋਂ ਤਨਖਾਹ ਨਿਸ਼ਿਚਤ ਕਰਨ ਬਾਰੇ ਸਪਸ਼ਟ ਨਹੀਂ ਕੀਤਾ। ਇਸ ਮੌਕੇ ਤੇ ਮੀਤ ਸਕਰੌਦੀ, ਹਾਕਮ ਸਿੰਘ, ਗੁਰਦੇਵ ਸਿੰਘ ਲੂੰਬਾ, ਗੁਰਮੀਤ ਸਿੰਘ ਵੱਲੋਂ ਪੇਸ਼ ਕੀਤੇ ਗੀਤਾਂ ਨਾਲ ਖੁਸ਼ਗਵਾਰ ਮਾਹੌਲ ਬਣ ਗਿਆ। ਉਪਰੰਤ ਜੂਨ ਅਤੇ ਜੁਲਾਈ ਮਹੀਨੇ ਵਿੱਚ ਜਨਮੇ ਪੈਨਸ਼ਨਰਜ਼ ਸਾਥੀ ਜੀਤ ਸਿੰਘ ਢੀਂਡਸਾ ਤੇ ਭੁਪਿੰਦਰ ਸਿੰਘ ਜੱਸੀ ਸਮੇਤ ਜਨਕ ਰਾਜ ਜੋਸ਼ੀ, ਮਹਿੰਦਰ ਸਿੰਘ, ਪੀ ਸੀ ਬਾਘਾ, ਮੋਹਨ ਸਿੰਘ, ਰਾਜਿੰਦਰ ਕੁਮਾਰ, ਕੁਲਦੀਪ ਸਿੰਘ ਜੋਸ਼ੀ, ਹਰੀ ਕ੍ਰਿਸ਼ਨ, ਮੋਹਨ ਲਾਲ ਸਿੰਗਲਾ, ਕੰਵਰ ਲਾਲ, ਬ੍ਰਿਜ ਮੋਹਨ, ਜੀਵਨ ਸਿੰਘ ਮਿੱਤਲ, ਈਸ਼ਰ ਸਿੰਘ, ਕੁਲਦੀਪ ਜੋਸ਼ੀ, ਬਲਬੀਰ ਸਿੰਘ, ਕੁਲਦੀਪ ਕੌਰ ਆਦਿ ਨੂੰ ਹਾਰ ਪਾ ਕੇ ਜਨਮ ਦਿਨ ਦੀਆਂ ਵਧਾਈਆਂ ਦਿੱਤੀਆਂ ਅਤੇ ਪ੍ਰਧਾਨਗੀ ਮੰਡਲ ਦੇ ਨਾਲ ਅਵਿਨਾਸ਼ ਸ਼ਰਮਾ, ਦੇਵਿੰਦਰ ਜਿੰਦਲ, ਗਿਰਧਾਰੀ ਲਾਲ, ਓ ਪੀ ਅਰੋੜਾ, ਪ੍ਰੀਤਮ ਸਿੰਘ ਕਾਂਝਲਾ, ਜਰਨੈਲ ਸਿੰਘ ਲੁਬਾਣਾ , ਸੁਖਦੇਵ ਸਿੰਘ ਜੱਸੀ, ਸੁਰਿੰਦਰ ਪਾਲ ਸਿੰਘ ਸਿਦਕੀ, ਰਾਜ ਕੁਮਾਰ ਬਾਂਸਲ, ਬਲਦੇਵ ਰਾਜ ਮਦਾਨ ਆਦਿ ਨੇ ਗਿਫਟ ਦੇ ਕੇ ਸਨਮਾਨਿਤ ਕੀਤਾ। ਸਮਾਗਮ ਲਈ ਗੁਰਦੇਵ ਸਿੰਘ ਭੁੱਲਰ, ਭਜਨ ਸਿੰਘ, ਰਾਜ ਸਿੰਘ ਮੰਗਵਾਲ, ਕਰਨੈਲ ਸਿੰਘ ਸ਼ੇਖੋਂ, ਕਿਸ਼ੋਰੀ ਲਾਲ, ਪਵਨ ਕੁਮਾਰ ਸਿੰਗਲਾ, ਜੀਤਨ ਚੌਪੜਾ ਆਦਿ ਦਾ ਵਿਸ਼ੇਸ਼ ਸਹਿਯੋਗ ਰਿਹਾ। ਜੀਤ ਸਿੰਘ ਢੀਂਡਸਾ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ 25 ਜੁਲਾਈ ਨੂੰ ਸਰਕਾਰ ਨਾਲ ਮੀਟਿੰਗ ਹੋਣ ਤੋਂ ਬਾਅਦ ਜੇ ਲੋੜ ਪਈ ਤਾਂ ਅਗਲੇ ਸੰਘਰਸ਼ ਦੀ ਰੂਪ ਰੇਖਾ ਤਿਆਰ ਕਰਾਂਗੇ। ਇਸ ਮੌਕੇ ਤੇ ਵੱਡੀ ਗਿਣਤੀ ਵਿੱਚ ਪੈਨਸ਼ਨਰਜ਼ ਸਾਥੀ ਹਾਜ਼ਰ ਸਨ।

### ਸ਼੍ਰੋਮਣੀ ਕਮੇਟੀ ਤੇ ਹੋਰ ਸੰਸਥਾਵਾਂ ਵੱਲੋਂ

# ਜਲਾਵਤਨ ਭਾਈ ਗਜਿੰਦਰ ਸਿੰਘ ਨਮਿਤ ਸ਼ਰਧਾਜਲੀ ਸਮਾਗਮ ਆਯੋਜਤ

## ਭਾਈ ਗਜਿੰਦਰ ਸਿੰਘ ਪੰਥਕ ਸੰਘਰਸ਼ ਦੇ ਉਹ ਯੋਧੇ ਸਨ, ਜਿਨ੍ਹਾਂ ਨੇ ਆਪਣੇ ਜੀਵਨ ਦਾ ਵੱਡਾ ਹਿੱਸਾ ਕੌਮ ਦੇ ਲੇਖੇ ਲਾਇਆ : ਸਿੰਘ ਸਾਹਿਬ











ਆਵਾਜ਼ਿ ਕੌਮ AWAZE QAUM International Newspaper & WEB TV





**ਅੰਮ੍ਰਿਤਸਰ, 13 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਦਲ ਖ਼ਾਲਸਾ ਦੇ ਮੋਢੀ ਆਗੂ ਭਾਈ ਗਜਿੰਦਰ ਸਿੰਘ ਜੋ ਬੀਤੇ ਦਿਨੀਂ ਪਾਕਿਸਤਾਨ ਅੰਦਰ ਅਕਾਲ ਚਲਾਣਾ ਕਰ ਗਏ ਸਨ, ਨਮਿਤ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਲ ਖ਼ਾਲਸਾ ਅਤੇ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਅਤੇ ਪੰਥਕ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਭਾਈ ਗਜਿੰਦਰ ਸਿੰਘ ਪੰਥਕ ਸੰਘਰਸ਼ ਦੇ ਉਹ ਯੋਧੇ ਸਨ, ਜਿਨ੍ਹਾਂ ਨੇ ਆਪਣੇ ਜੀਵਨ ਦਾ ਵੱਡਾ ਹਿੱਸਾ ਕੌਮ ਦੇ ਲੇਖੇ ਲਾਇਆ। ਉਨ੍ਹਾਂ ਕਿਹਾ ਕਿ ਭਾਈ ਗਜਿੰਦਰ ਸਿੰਘ ਨੇ ਜਲਾਵਤਨੀ ਭਰੀ ਜ਼ਿੰਦਗੀ ਵਿਚ ਰਹਿੰਦਿਆਂ ਵੀ ਕੌਮੀ ਅਜ਼ਾਦੀ ਦੇ ਸੰਘਰਸ਼ ਪ੍ਰਤੀ ਆਪਣੀ ਦ੍ਰਿੜ੍ਹਤਾ ਤੇ ਸਮਰਪਣ ਭਾਵਨਾ ਨਾਲ ਸਮਝੌਤਾ ਨਹੀਂ ਕੀਤਾ ਅਤੇ ਉਹ ਪੰਥਕ ਸਿਧਾਂਤਾਂ ’ਤੇ ਪਹਿਰਾ ਦਿੰਦੇ ਰਹੇ। ਉਨ੍ਹਾਂ ਕਿਹਾ ਕਿ ਕੌਮ ਨੂੰ ਇਸ ਗੱਲ ਦਾ ਦੁੱਖ ਹੈ ਕਿ ਜਿਸ ਦੇਸ਼ ਵਿਚ ਅਸੀਂ ਰਹਿ ਰਹੇ ਹਾਂ, ਉਥੋਂ ਦੀਆਂ ਸਰਕਾਰਾਂ ਨੇ ਕਦੇ ਵੀ ਸਾਡੇ ਹੱਕਾਂ ਦਾ ਖ਼ਿਆਲ ਨਹੀਂ ਕੀਤਾ। 1947 ਦੀ ਦੇਸ਼ ਵੰਡ ਤੋਂ ਬਾਅਦ ਸਾਨੂੰ ਜਰਾਇਮ ਪੇਸ਼ਾ ਕਿਹਾ ਗਿਆ ਅਤੇ ਅਜ਼ਾਦ ਖਿੱਤੇ ਦਾ ਕੀਤਾ ਵਾਅਦਾ ਵੀ ਪੂਰਾ ਨਹੀਂ ਕੀਤਾ। ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਅੱਜ ਵੀ ਸਾਡੇ ਕਈ ਸੰਘਰਸ਼ੀ ਯੋਧੇ ਆਪਣੀਆਂ ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਵੀ ਜੇਲ੍ਹਾਂ ਵਿਚ ਬੰਦ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀ ਬੇਇਨਸਾਫ਼ੀ ਅੱਜ ਵੀ ਜਾਰੀ ਹੈ ਅਤੇ ਨਵੇਂ ਬਣਾਏ ਕਾਨੂੰਨਾਂ ਤਹਿਤ ਦੇਸ਼ ਧ੍ਰੋਹ ਦਾ ਪਹਿਲਾ ਪਰਚਾ ਵੀ ਸਿੱਖ ’ਤੇ ਹੀ ਦਰਜ ਕੀਤਾ ਗਿਆ ਹੈ। ਅਜਿਹੇ ਵਰਤਾਰੇ ਕਾਰਨ ਸਿੱਖਾਂ ਅੰਦਰ ਰੋਸ ਪੈਦਾ ਹੋਣਾ ਕੁਦਰਤੀ ਹੈ। ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਭਾਈ ਗਜਿੰਦਰ ਸਿੰਘ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਲਾਵਤਨੀ ਸਿੱਖ ਯੋਧੇ ਦਾ ਖਿਤਾਬ ਦਿੱਤਾ ਗਿਆ ਹੈ, ਜਿਸ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਥਕ ਪ੍ਰੰਪਰਾਵਾਂ ਅਨੁਸਾਰ ਸਮਾਗਮ ਕਰਕੇ ਇਹ ਸਨਮਾਨ ਉਨ੍ਹਾਂ ਦੇ ਪਰਿਵਾਰ ਨੂੰ ਸੌਂਪਿਆ ਜਾਵੇਗਾ। ਉਨ੍ਹਾਂ ਸ਼੍ਰੋਮਣੀ ਕਮੇਟੀ ਨੂੰ ਵੀ ਅਪੀਲ ਕੀਤੀ ਕਿ ਭਾਈ ਗਜਿੰਦਰ ਸਿੰਘ, ਭਾਈ ਹਰਦੀਪ ਸਿੰਘ ਨਿੱਝਰ ਤੇ ਭਾਈ ਪਰਮਜੀਤ ਸਿੰਘ ਪੰਜਵੜ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿਚ ਲਗਾਉਣ ਲਈ ਕਾਰਵਾਈ ਕਰੇ। ਇਸ ਮੌਕੇ ਦਲ ਖ਼ਾਲਸਾ ਦੇ ਆਗੂ ਭਾਈ ਕੰਵਰਪਾਲ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਾਈ ਗਜਿੰਦਰ ਸਿੰਘ ਕਿਸੇ ਇਕ ਜਥੇਬੰਦੀ ਦੇ ਨਹੀਂ, ਸਗੋਂ ਸਮੁੱਚੇ ਖਾਲਸਾ ਪੰਥ ਦੇ ਸਨ ਅਤੇ ਪੰਥ ਵੱਲੋਂ ਉਨ੍ਹਾਂ ਨੂੰ ਬਹੁਤ ਸਤਿਕਾਰ ਮਿਲਿਆ। ਭਾਈ ਗਜਿੰਦਰ ਸਿੰਘ ਨੇ 53 ਸਾਲ ਸੰਘਰਸ਼ ਦੇ ਲੇਖੇ ਲਾਏ ਅਤੇ ਅਨੇਕਾਂ ਤਸ਼ੱਦਦ ਝੱਲੇ। ਉਨ੍ਹਾਂ ਭਾਈ ਗਜਿੰਦਰ ਸਿੰਘ ਦੇ ਜੀਵਨ ਬਾਰੇ ਗੱਲ ਕਰਦਿਆਂ ਉਨ੍ਹਾਂ ਨੂੰ ਸਿੱਖ ਰਹਿਤ ਮਰਯਾਦਾ ਦਾ ਪਹਿਰੇਦਾਰ ਦੱਸਿਆ। ਉਨ੍ਹਾਂ ਸਮਾਗਮ ਵਿਚ ਪਹੁੰਚੀਆਂ ਸਮੁੱਚੀਆਂ ਜਥੇਬੰਦੀਆਂ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਭਾਈ ਗਜਿੰਦਰ ਸਿੰਘ ਦੇ ਭਰਾ ਭਾਈ ਦਰਸ਼ਨ ਸਿੰਘ ਅਤੇ ਹੋਰ ਪਰਿਵਾਰਕ ਮੈਂਬਰਾਂ ਨੂੰ ਸਿਰੋਪਾਓ ਦੇ ਕੇ ਸਨਮਾਨ ਦਿੱਤਾ। ਸਮਾਗਮ ’ਚ ਸ਼ਾਮਲ ਹੋਣ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਭਾਈ ਗਜਿੰਦਰ ਸਿੰਘ ਨੂੰ ਸ਼ਰਧਾਜਲੀ ਭੇਟ ਕੀਤੀ ਅਤੇ ਉਨ੍ਹਾਂ ਦੇ ਸਿੱਖ ਕੌਮ ਨੂੰ ਸਮਰਪਿਤ ਜੀਵਨ ਦੀ ਸ਼ਲਾਘਾ ਕੀਤੀ। ਐਡਵੋਕੇਟ ਧਾਮੀ ਨੇ ਭਾਈ ਗਜਿੰਦਰ ਸਿੰਘ ਨੂੰ ਦ੍ਰਿੜ੍ਹ ਸ਼ਖ਼ਸੀਅਤ ਕਰਾਰ ਦਿੰਦਿਆਂ ਆਖਿਆ ਕਿ ਕਈ ਮੁਸੀਬਤਾਂ ਦੇ ਬਾਵਜੂਦ ਵੀ ਅਟੱਲ ਰਹੇ। ਸਮਾਗਮ ’ਚ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਭਾਈ ਮਨਜੀਤ ਸਿੰਘ, ਭਾਈ ਅਜਾਇਬ ਸਿੰਘ ਅਭਿਆਸੀ, ਬੀਬੀ ਕਿਰਨਜੋਤ ਕੌਰ, ਸ. ਕਰਨੈਲ ਸਿੰਘ ਪੰਜੋਲੀ, ਬਾਬਾ ਚਰਨਜੀਤ ਸਿੰਘ ਜੱਸੋਵਾਲ, ਸ. ਜਗਜੀਤ ਸਿੰਘ ਤਲਵੰਡੀ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਦੇ ਸਪੁੱਤਰ ਭਾਈ ਈਸ਼ਰ ਸਿੰਘ, ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਸ. ਸਿਮਰਨਜੀਤ ਸਿੰਘ ਮਾਨ, ਸ਼੍ਰੋਮਣੀ ਅਕਾਲੀ ਦਲ ਦਿੱਲੀ ਅਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ, ਭਾਈ ਕੰਵਰਪਾਲ ਸਿੰਘ ਦਲ ਖ਼ਾਲਸਾ, ਸ. ਪਰਮਜੀਤ ਸਿੰਘ ਮੰਡ, ਪ੍ਰੋ. ਬਲਜਿੰਦਰ ਸਿੰਘ, ਸ. ਨਰੈਣ ਸਿੰਘ ਚੌੜਾ, ਸ. ਕਰਨੈਲ ਸਿੰਘ ਪੀਰ ਮੁਹੰਮਦ, ਸ. ਜਸਕਰਨ ਸਿੰਘ ਕਾਹਨਸਿੰਘ ਵਾਲਾ, ਸ. ਤਰਸੇਮ ਸਿੰਘ, ਸ. ਸੁਖਵਿੰਦਰ ਸਿੰਘ ਅਗਵਾਨ, ਸ. ਪਰਮਜੀਤ ਸਿੰਘ ਟਾਂਡਾ, ਭਾਈ ਸੁਖਦੇਵ ਸਿੰਘ ਦਮਦਮੀ ਟਕਸਾਲ, ਭਾਈ ਮਨਜੀਤ ਸਿੰਘ ਭੋਮਾਂ, ਵਧੀਕ ਸਕੱਤਰ ਸ. ਤੇਜਿੰਦਰ ਸਿੰਘ ਪੱਡਾ, ਸਾਬਕਾ ਸਕੱਤਰ ਪ੍ਰੋ. ਬਲਵਿੰਦਰ ਸਿੰਘ ਜੌੜਾਸਿੰਘਾ ਆਦਿ ਮੌਜੂਦ ਸਨ।





ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243